# ਵਰਲਡ ਪੰਜਾਬੀ ਟਾਈਮਜ਼

# WORLD PUNJABI TIMES

A Punjabi News Protal & Epaper From Winnipeg, Canada

Visit us at : www.worldpunjabitimes.com

Mob: 7973333573, +1 (418) 887-0162, +1 (431) 458-6922

ਮੁੱਖ ਸੰਪਾਦਕ : ਡਾ. ਸੁਰਜੀਤ ਸਿੰਘ ਸਹਿ ਸੰਪਾਦਕ: ਨਵਜੋਤ ਬਿਲਿੰਗ ਬਿਊਰੋ ਚੀਫ ਕੈਨੇਡਾ : ਅਮਰਜੀਤ ਸਿੰਘ ਬਾਵਾ ਬਿਊਰੋ ਚੀਫ ਭਾਰਤ : ਗਗਨਦੀਪ ਗਿੱਲ




## ਰੌਣਕਾਂ ਭਰਪੂਰ ਰਿਹਾ ਐਡਮਿੰਟਨ ਦਾ ਮੇਲਾ ਪੰਜਾਬਣਾਂ ਦਾ

ਵਰਲਡ ਪੰਜਾਬੀ ਟਾਈਮਜ਼
ਬਲਵਿੰਦਰ ਬਾਲਮ ਗੁਰਦਾਸਪੁਰ



ਐਡਮਿੰਟਨ (ਕਨੇਡਾ) 9 ਸਤੰਬਰ : ਐਡਮਿੰਟਨ ਸ਼ਹਿਰ ਚ ਬੀਤੇ ਦਿਨੀ ਪੰਜਾਬ ਯੂਨਾਈਟਡ ਕਲਚਰ ਕਲੱਬ ਵੱਲੋਂ ਵਾਲੀਬਾਲ ਸ਼ੂਟਿੰਗ ਸਮੈਸਿੰਗ ਮੇਲਾ ਪੰਜਾਬਣਾਂ ਦਾ ਮੈਡੋਜ ਰੈਕ ਸੈਂਟਰ 17 ਸਟਰੀਟ ਬਾਹਰ ਗਰਾਊਂਡ ਵਿਖੇ ਧੂਮ ਧਾਮ ਨਾਲ ਕਰਵਾਇਆ ਗਿਆ। ਇਸ ਮੇਲੇ ਵਿੱਚ ਸੀਪ ਟੂਰਨਾਮੈਂਟ, ਰੱਸਾਕਸ਼ੀ, ਬੱਚਿਆਂ ਦੀਆਂ ਦੌੜਾਂ, ਲੇਡੀਜ਼ ਮਿਊਜੀਕਲ ਚੇਅਰਜ਼, ਪੰਜਾਬੀ ਮੁਟਿਆਰਾਂ ਮੁਕਾਬਲੇ, ਪਹਿਰਾਵਾ ਮੁਕਾਬਲੇ ਵੀ ਕਰਵਾਏ ਗਏ। ਇਸ ਮੇਲੇ ਵਿੱਚ ਮੁਫਤ ਪ੍ਰਵੇਸ਼ ਅਤੇ ਮੁਫਤ ਭੋਜਨ ਪਦਾਰਥਾਂ ਦੀ ਵਧੀਆ ਵਿਵਸਥਾ ਸੀ। ਦੌੜਾਂ ਤੇ ਹੋਰ ਖੇਡ ਕਿਰਿਆਵਾਂ ਵਿੱਚ ਕ੍ਰਮਵਾਰ ਪਹਿਲੇ, ਦੂਜੇ ਅਤੇ ਤੀਜੇ ਸਥਾਨ ਤੇ ਜੇਤੂ ਰਹਿਣ ਵਾਲੇ ਸੁਖਬੀਰ, ਹਰਪ੍ਰੀਤ, ਗੁਰਵੀਰ, ਅਤੇ ਨਰਿੰਦਰ ਕੌਰ, ਸਵਰਨਜੀਤ ਕੌਰ, ਸੁਰਿੰਦਰ ਕੌਰ ਅਤੇ ਡੇਵਿਡ ਸਿੱਧੂ, ਪ੍ਰਭ ਸਿਮਰਨ, ਤੇਜਿੰਦਰ ਸਿੰਘ ਅਤੇ ਹਰਵਿੰਦਰ ਰਾਣਾ, ਪ੍ਰੇਮ ਫੌਜੀ ਅਤੇ ਤਜਿੰਦਰ ਸਿੰਘ, ਗੁਰਦੀਪ. ਚਰਨਜੀਤ ਅਤੇ ਸ਼ੁਭਪ੍ਰੀਤ, ਅਵਨੀਤ, ਗੁਰਨੂਰ ਤੇ ਅਮਰੀਤ ਮਨਵੀਰ ਐਸ਼ਮਨ ਅਤੇ ਸ਼ਾਬੀ ਜੋਤ, ਮੰਨਣ ਕਰਨਵੀਰ ਅਤੇ ਅਨਮੋਲ ਰਣਵੀਰ, ਨਵਰਾਜ ਤੇ ਰਮਨਦੀਪ, ਜਸਪ੍ਰੀਤ, ਰਾਜਵਿੰਦਰ ਅਤੇ ਦਰਸ਼ਨ



ਸਿੰਘ ਢਿੱਲੋਂ, ਕਾਲੀ ਸੰਧੂ, ਸੁਰਿੰਦਰ, ਅਠਵਾਲ ਅਤੇ ਸੰਜੀਵ ਧੋਗੜੀ, ਸੁਖਬੀਰ ਸਿੰਘ ਅਤੇ ਸਬਰ ਬੀਰ, ਨਵਰੀਤ, ਉਦੇ ਸਿੰਘ ਸ਼ੀਨਾ ਅਤੇ ਕਬੀਰ ਅਵਰਾਜ, ਗੁਣਤਾਸ ਅਤੇ ਇਕਾਂਤ, ਯੋਧ ਸ਼ਾਹਬਤ ਅਤੇ ਸਮਰਪ੍ਰੀਤ, ਸਹਜ ਪ੍ਰੀਤ, ਰਣਵੀਰ ਸਿੰਘ ਰਹੇ। ਤਾਸ਼ ਮੁਕਾਬਲੇ ਵਿੱਚ ਪਹਿਲਾ ਸਥਾਨ ਕੁਲਵਿੰਦਰ ਸਿੱਧੂ ਤੇ ਚਰਨਾ ਵਾਇਰਿੰਗ, ਦੂਸਰਾ ਸਥਾਨ ਲਾਡੀ ਸੂਰਮਾ ਤੇ ਪ੍ਰੇਮ ਬਾਵਾ, ਤੀਸਰਾ ਸਥਾਨ ਸਰਬਜੀਤ ਗਰੇਵਾਲ ਅਤੇ ਅਵਤਾਰ ਰਾਏ ਨੇ ਹਾਸਿਲ ਕੀਤਾ। ਮੇਲਾ ਮੁਟਿਆਰਾਂ ਦਾ ਵਿੱਚ ਮਨੋਰੰਜਿਤ ਤੇ ਬਾਜ਼ਾਰ ਕਿਰਿਆਵਾਂ ਵਿੱਚ ਸਥਾਨਕ ਪੰਜਾਬੀ ਭਾਈਚਾਰੇ ਦੀਆਂ ਔਰਤਾਂ ਨੇ ਪੁਰਾਣੀਆਂ ਤੇ ਨਵੀਆਂ ਬੋਲੀਆਂ ਪਾ ਕੇ ਗਿੱਧੇ ਸੱਭਿਆਚਾਰ ਆਪਣੇ ਪੰਜਾਬੀ ਵਿਰਸੇ ਨਾਲ ਜੋੜਨ ਦਾ ਸੁਚੱਜਾ ਉਪਰਾਲਾ ਕੀਤਾ। ਮੁਟਿਆਰਾਂ ਨੂੰ ਵੇਖ ਕੇ ਇੰਝ ਪ੍ਰਤੀਤ ਹੋ ਰਿਹਾ ਸੀ ਜਿਵੇਂ ਸਾਰੇ ਪੰਜਾਬ ਦਾ ਗਿੱਧਾ ਇਥੇ ਉੱਤਰ ਆਇਆ ਹੋਵੇ। ਜੇਤੂ ਖਿਡਾਰੀਆਂ ਤੇ ਉਦਮੀਆਂ ਨੂੰ ਟਰੌਫੀਆਂ ਤੇ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ। ਇਹ ਦਿਨ ਯਾਦਗਾਰੀ ਮੇਲਾ ਹੋ ਨਿਬੜਿਆ। ਇਸ ਮੇਲੇ ਦੇ ਸੂਤਰਧਾਰ ਪ੍ਰਬੰਧਕ ਜੰਗ ਪਹਿਲਵਾਨ, ਚਰਨਜੀਤ ਸਿੰਘ ਤੇ ਗੁਰਿੰਦਰ ਸਿੰਘ ਸਿੱਧੂ, ਸਰਬਜੀਤ ਸਿੰਘ ਸਿੱਧੂ, ਕੁਲਵਿੰਦਰ ਸਿੰਘ ਸਿੱਧੂ, ਕਰਮਜੀਤ ਸਿੰਘ ਗਿੱਲ, ਕਮਲਜੀਤ ਕੌਰ ਸੰਧੂ ਨੇ ਮੇਲੇ ਦੇ ਵਧੀਆ ਪ੍ਰਬੰਧ ਨੂੰ ਚਾਰ ਚੰਨ ਲਗਾ ਦਿੱਤੇ। ਇਸ ਮੌਕੇ ਤੇ ਲੇਖਕਾਂ, ਬੁੱਧੀਜੀਵੀਆਂ ਤੇ ਪੱਤਰਕਾਰਾਂ ਨੇ ਵੀ ਸ਼ਮੂਲੀਅਤ ਕੀਤੀ। ਵਿਸ਼ੇਸ਼ ਤੌਰ ਤੇ ਮਨਜੀਤ ਸਿੰਘ ਫੇਰੂਮਾਨ, ਨਰਿੰਦਰ ਸਿੰਘ ਲੁਬਾਣਾ। ਦਲਬੀਰ ਸਿੰਘ ਰਿਆੜ, ਪਾਰਸ ਮਹੀਨੀਆਂ, ਸੁਖਦੇਵ ਸਿੰਘ, ਤਜਿੰਦਰ ਪਾਲ ਸਿੰਘ ਰਿਆੜ, ਕਰਨੈਲ ਸਿੰਘ, ਸਤਨਾਮ ਸਿੰਘ, ਕਾਰਜ ਸਿੰਘ, ਅਜੀਤ ਸਿੰਘ ਖੰਗੂੜਾ, ਪੁਰਦਮਨ ਸਿੰਘ, ਦਰਸ਼ਨ ਸਿੰਘ ਬਰਾੜ ਨੇ ਸ਼ਿਰਕਤ ਕੀਤੀ। ਮੰਚ ਸੰਚਾਲਨ ਦੇ ਫਰਜ਼ ਕਮਲਜੀਤ ਸਿੰਘ ਨੇ ਨਿਭਾਏ।

## ਛੀਨਨ ਪਰਿਵਾਰ ਨੇ ਪੀ.ਏ.ਯੂ. ਵਿਚ ਖੇਡਾਂ ਅਤੇ ਅਕਾਦਮਿਕ ਤਰੱਕੀ ਲਈ ਆਰਥਿਕ ਸਹਿਯੋਗ ਦਿੱਤਾ

ਵਰਲਡ ਪੰਜਾਬੀ ਟਾਈਮਜ਼

ਲੁਧਿਆਣਾ 9 ਸਤੰਬਰ : ਪੀ.ਏ.ਯੂ. ਦੇ ਸਾਬਕਾ ਵਿਦਿਆਰਥੀ ਜੋੜੇ ਡਾ. ਮਨਜੀਤ ਸਿੰਘ ਛੀਨਨ ਅਤੇ ਉਹਨਾਂ ਦੀ ਸੁਪਤਨੀ ਡਾ. ਲਤਾ ਮਹਾਜਨ ਛੀਨਨ ਨੇ ਪੀ.ਏ.ਯੂ. ਦੇ ਐਂਡੋਮੈਂਟ ਫੰਡ ਲਈ 34 ਲੱਖ ਰੁਪਏ ਦਾ ਸਹਿਯੋਗ ਦਿੱਤਾ| ਛੀਨਨ ਪਰਿਵਾਰ ਵੱਲੋਂ ਪਹਿਲਾਂ ਹੀ ਪੀ.ਏ.ਯੂ. ਵਿਚ ਖੇਡਾਂ ਅਤੇ ਅਕਾਦਮਿਕ ਤਰੱਕੀ ਲਈ ਲਗਾਤਾਰ ਸਹਿਯੋਗ ਦਿੱਤਾ ਜਾਂਦਾ ਰਿਹਾ ਹੈ| ਛੀਨਨ ਜੋੜੇ ਨੇ 2015 ਵਿੱਚ ਯੂਨੀਵਰਸਿਟੀ ਦੇ ਦੌਰੇ ਦੌਰਾਨ 10 ਸਾਲਾਂ ਦੇ ਵਕਫ਼ੇ ਵਿਚ ਖੇਡਾਂ ਅਤੇ ਪੜਾਈ ਦੇ ਵਿਕਾਸ ਲਈ 10 ਹਜ਼ਾਰ ਡਾਲਰ ਦਾ ਸਹਿਯੋਗ ਯੂਨੀਵਰਸਿਟੀ ਨੂੰ ਦਿੱਤਾ ਸੀ| ਪਿਛਲੇ ਸਾਲ ਨਵੰਬਰ ਵਿਚ ਪੀ.ਏ.ਯੂ. ਦਾ ਦੌਰਾ ਕਰਕੇ ਪ੍ਰੋ. ਮਨਜੀਤ ਸਿੰਘ ਛੀਨਨ ਨੇ ਇਸ ਸੰਬੰਧੀ ਯੂਨੀਵਰਸਿਟੀ ਨਾਲ ਵਿਚਾਰ-ਚਰਚਾ ਕੀਤੀ| ਡਾ. ਛੀਨਨ ਵੱਲੋਂ ਐਂਡੋਮੈਂਟ ਫੰਡ ਵਿਚ ਵਾਧੇ ਦੀ ਇੱਛਾ ਪ੍ਰਗਟਾਈ ਗਈ ਸੀ ਅਤੇ ਇਸੇ ਦਿਸ਼ਾ ਵਿਚ ਉਹਨਾਂ ਨੇ 34 ਲੱਖ ਰੁਪਏ ਹੋਰ ਯੂਨੀਵਰਸਿਟੀ ਨੂੰ ਦਾਨ ਦਿੱਤੇ ਹਨ|

ਡਾ. ਛੀਨਨ ਨੇ ਖੇਤੀ ਇੰਜਨੀਅਰਿੰਗ ਅਤੇ ਤਕਨਾਲੋਜੀ ਕਾਲਜ ਤੋਂ ਇਲਾਵਾ ਬੇਸਿਕ ਸਾਇੰਸਜ਼ ਅਤੇ ਹਿਊਮੈਨਟੀਜ਼ ਕਾਲਜ ਵਿਚ ਪੇਸ਼ੇਵਰ ਚੇਅਰਾਂ ਸਥਾਪਿਤ ਕਰਨ ਦੀ ਇੱਛਾ ਪ੍ਰਗਟ ਕੀਤੀ ਸੀ| ਐਂਡੋਮੈਂਟ ਫੰਡ ਤਹਿਤ ਹਰ ਸਾਲ ਯੂਨੀਵਰਸਿਟੀ ਵਿਚ ਪ੍ਰਸਿੱਧ ਬੁਲਾਰੇ ਨੂੰ ਬੁਲਾ ਕੇ ਅਧਿਆਪਕਾਂ ਅਤੇ ਵਿਦਿਆਰਥੀਆਂ ਲਈ ਵਿਸ਼ੇਸ਼ ਭਾਸ਼ਣ ਕਰਵਾਇਆ ਜਾਵੇਗਾ| ਨਾਲ ਹੀ ਰਾਸ਼ਟਰੀ ਅੰਤਰਰਾਸ਼ਟਰੀ ਸਮਾਰੋਹਾਂ ਵਿਚ ਸ਼ਾਮਿਲ ਹੋਣ ਲਈ ਵਿਦਿਆਰਥੀਆਂ ਅਤੇ ਮਾਹਿਰਾਂ ਨੂੰ ਯਾਤਰਾ ਇਮਦਾਦ ਵੀ ਪ੍ਰਦਾਨ ਕੀਤੀ ਜਾਵੇਗੀ| ਜ਼ਿਕਰਯੋਗ ਹੈ ਕਿ ਡਾ. ਛੀਨਨ 1969 ਵਿਚ ਖੇਤੀ ਇੰਜਨੀਅਰਿੰਗ ਵਿਚ ਸੋਨ ਤਮਗਾ ਜੇਤੂ ਵਿਦਿਆਰਥੀ ਹਨ| ਜਿਨ੍ਹਾਂ ਨੇ ਅਮਰੀਕਾ ਦੀ ਜੋਰਜੀਆ ਯੂਨੀਵਰਸਿਟੀ ਵਿਚ ਪ੍ਰੋਰਫੈਸਰ ਐਮੀਰਿਟਸ ਦੀਆਂ ਸੇਵਾਵਾਂ ਸੰਭਾਲੀਆਂ ਹੋਈਆਂ ਹਨ| ਉਹ ਪੀ.ਏ.ਯੂ. ਦੇ ਵਿਜ਼ਟਿੰਗ ਪ੍ਰੋਫੈਸਰ ਵੀ ਹਨ| 1969 ਵਿਚ ਬੈਚਲਰ ਡਿਗਰੀ ਕਰਨ ਤੋਂ ਬਾਅਦ ਉਹ ਨੌਰਥ ਕੈਰੋਲੀਨਾ ਯੂਨੀਵਰਸਿਟੀ ਵਿੱਚ ਅਗਲੇਰੀ ਪੜਾਈ ਲਈ ਗਏ| ਜੋਰਜੀਆ ਯੂਨੀਵਰਸਿਟੀ ਵਿਚ ਭੋਜਨ ਇੰਜਨੀਅਰ ਵਜੋਂ 38 ਸਾਲ ਦੀ ਲੰਮੇਰੀ ਸੇਵਾ ਤੋਂ ਬਾਅਦ ਉਹ ਸੇਵਾ ਮੁਕਤ ਹੋਏ| ਪੂਰੀ ਦੁਨੀਆਂ ਵਿਚ ਉਹਨਾਂ ਨੂੰ ਖੋਜ ਅਤੇ ਪੇਸ਼ੇਵਰ ਮਾਹਿਰ ਵਜੋਂ ਜਾਣਿਆ ਜਾਂਦਾ ਹੈ| ਭੋਜਨ ਵਿਗਿਆਨ ਅਤੇ ਤਕਨਾਲੋਜੀ ਬਾਰੇ ਕੌਮਾਂਤਰੀ ਅਕਾਦਮੀ ਦੇ ਫੈਲੋ ਹੋਣ ਦਾ ਮਾਣ ਵੀ ਡਾ. ਮਨਜੀਤ ਸਿੰਘ ਛੀਨਨ ਨੂੰ ਹਾਸਲ ਹੈ| ਉਹਨਾਂ ਦੀ ਸੁਪਤਨੀ ਡਾ. ਲਤਾ ਮਹਾਜਨ ਛੀਨਨ ਹਾਕੀ ਦੇ ਸੁਪ੍ਰਸਿੱਧ ਖਿਡਾਰੀ ਰਹੇ ਜੋ ਵਿਸ਼ਵ ਕੱਪ ਵਿਚ ਭਾਗ ਲੈਣ ਵਾਲੀ ਔਰਤਾਂ ਦੀ ਪਹਿਲੀ ਟੀਮ ਦੇ ਪ੍ਰਤੀਨਿਧ ਸਨ|

## ਦਸਮੇਸ਼ ਮਿਸ਼ਨ ਸਕੂਲ ਹਰੀਨੌਂ ਦੀ ਹੋਣਹਾਰ ਵਿਦਿਆਰਥਣ ਦੀ ਸਟੈਨਫੋਰਡ ਯੂਨੀਵਰਸਿਟੀ ਅਮਰੀਕਾ ਵਿੱਚ ਪੀਐਚਡੀ ਲਈ ਹੋਈ ਚੋਣ

ਵਰਲਡ ਪੰਜਾਬੀ ਟਾਈਮਜ਼
ਟਿੰਕੂ ਕੁਮਾਰ





ਕੋਟਕਪੂਰਾ, 9 ਸਤੰਬਰ : ਦਸਮੇਸ਼ ਮਿਸ਼ਨ ਸੀਨੀਅਰ ਸੈਕੰਡਰੀ ਸਕੂਲ ਹਰੀਨੌਂ ਦੀ ਹੋਣਹਾਰ ਵਿਦਿਆਰਥਣ ਗਗਨਦੀਪ ਸ਼ਰਮਾ ਨੇ ਆਪਣੀ ਮਿਹਨਤ ਲਗਨ ਅਤੇ ਵਿੱਦਿਅਕ ਪ੍ਰਤਿਭਾ ਦੇ ਬਲਬੂਤੇ ਉੱਤੇ ਸਟੈਨਫੋਰਡ ਯੂਨੀਵਰਸਿਟੀ, ਅਮਰੀਕਾ ਵਿੱਚ ਪੀ.ਐਚ.ਡੀ. ਲਈ ਚੋਣ ਹੋਣ ਨਾਲ ਆਪਣੇ ਪਰਿਵਾਰ, ਇਸ ਸੰਸਥਾ, ਪਿੰਡ ਅਤੇ ਇਲਾਕੇ ਦਾ ਨਾਮ ਰੌਸ਼ਨ ਕੀਤਾ ਹੈ। ਇਸ ਮੌਕੇ ਸਕੂਲ ਦੇ ਐਮ ਡੀ ਬਲਜੀਤ ਸਿੰਘ ਨੇ ਦੱਸਿਆ ਕਿ ਗਗਨਦੀਪ ਸ਼ਰਮਾ ਨੇ ਇਸ ਸੰਸਥਾ ਤੋਂ ਨਰਸਰੀ ਤੋਂ 12ਵੀਂ ਤੱਕ ਦੀ ਵਿੱਦਿਆ ਹਾਸਿਲ ਕੀਤੀ, ਜਿਸ ਦੌਰਾਨ ਉਸਨੇ ਪੰਜਾਬ ਸਕੂਲ ਸਿੱਖਿਆ ਬੋਰਡ ਦੁਆਰਾ ਦਸਵੀਂ ਕਲਾਸ ਦੇ ਨਤੀਜੇ ਵਿੱਚ ਫਰੀਦਕੋਟ ਜ਼ਿਲ੍ਹੇ ਵਿੱਚੋਂ ਤੀਜਾ ਸਥਾਨ ਹਾਸਿਲ ਕੀਤਾ। ਉਹਨਾਂ ਦੱਸਿਆ ਕਿ ਸਾਲ 2020-21 ਵਿੱਚ ਬਾਰਵੀਂ ਨਾਨ ਮੈਡੀਕਲ ਵਿੱਚ ਉਸਨੇ ਪੂਰੇ ਪੰਜਾਬ ਵਿੱਚੋਂ ਪਹਿਲਾ ਸਥਾਨ ਹਾਸਿਲ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ।

ਇਸ ਸਕੂਲ ਦੀ ਵਿਦਿਆਰਥਣ ਗਗਨਦੀਪ ਸ਼ਰਮਾ ਦੀ ਇਸ ਮਾਣਮੱਤੀ ਪ੍ਰਾਪਤੀ ਨਾਲ ਪਿੰਡ ਹਰੀਨੌਂ ਵਿੱਚ ਖੁਸ਼ੀ ਦੀ ਲਹਿਰ ਹੈ। ਪਰਿਵਾਰਿਕ ਮੈਂਬਰਾਂ ਅਧਿਆਪਕਾਂ ਅਤੇ ਪਿੰਡ ਵਾਸੀਆਂ ਨੇ ਗਗਨਦੀਪ ਨੂੰ ਇਹ ਸ਼ਾਨਦਾਰ ਉਪਲਬਧੀ ਲਈ ਵਧਾਈ ਦਿੰਦਿਆਂ ਉੱਜਵਲ ਭਵਿੱਖ ਦੀ ਕਾਮਨਾ ਵੀ ਕੀਤੀ।ਇਸ ਸੰਸਥਾ ਦੇ ਮੈਨੇਜਿੰਗ ਡਾਇਰੈਕਟਰ ਬਲਜੀਤ ਸਿੰਘ ਨੇ ਦੱਸਿਆ ਕਿ ਗਗਨਦੀਪ ਨੇ ਆਪਣੀ ਮਿਹਨਤ ਅਤੇ ਲਗਨ ਨਾਲ ਇਹ ਮੁਕਾਮ ਹਾਸਿਲ ਕਰਕੇ ਇਹ ਸਾਬਿਤ ਕੀਤਾ ਹੈ ਕਿ ਦ੍ਰਿੜ ਇਰਾਦੇ ਅਤੇ ਸਖਤ ਮਿਹਨਤ ਨਾਲ ਵਿਦਿਆਰਥੀ ਵਿਸ਼ਵ ਪੱਧਰ ਉੱਤੇ ਆਪਣੀ ਪਛਾਣ ਬਣਾ ਸਕਦੇ ਹਨ, ਉਸ ਦੀ ਇਹ ਪ੍ਰਾਪਤੀ ਹੋਰਨਾਂ ਵਿਦਿਆਰਥੀਆਂ ਲਈ ਵੀ ਪ੍ਰੇਰਨਾ ਦਾ ਸਰੋਤ ਬਣੀ ਹੈ।

ਸਕੂਲ ਦੇ ਡਾਇਰੈਕਟਰ/ਪ੍ਰਿੰਸੀਪਲ ਸ਼੍ਰੀਮਤੀ ਸੁਰਿੰਦਰ ਕੌਰ ਨੇ ਕਿਹਾ ਕਿ ਗਗਨਦੀਪ ਸ਼ਰਮਾ ਦੀ ਸਟੈਂਡਫੋਰਡ ਯੂਨੀਵਰਸਿਟੀ ਵਿੱਚ ਪੀਐਚਡੀ ਲਈ ਚੋਣ ਪੂਰੇ ਇਲਾਕੇ ਲਈ ਮਾਣ ਵਾਲੀ ਗੱਲ ਹੈ ਤੇ ਇਸ ਨਾਲ ਪਿੰਡ ਹਰੀਨੌਂ ਦੀ ਇਸ ਸੰਸਥਾ ਦਾ ਨਾਮ ਅੰਤਰਰਾਸ਼ਟਰੀ ਪੱਧਰ ਉੱਤੇ ਉੱਚਾ ਹੋਇਆ ਹੈ।

## ਅੰਤਰਰਾਸ਼ਟਰੀ ਫ਼ੋਰਮ ਯੂਐੱਸਏ ਵੱਲੋਂ ਡਾ. ਐੱਸ.ਪੀ. ਸਿੰਘ ਓਬਰਾਏ ਦਾ ਵਿਸ਼ੇਸ਼ ਸਨਮਾਨ

ਵਰਲਡ ਪੰਜਾਬੀ ਟਾਈਮਜ਼
ਬਲਵਿੰਦਰ ਬਾਲਮ ਗੁਰਦਾਸਪੁਰ

ਮੈਰੀਲੈਂਡ: 9 ਸਤੰਬਰ : ਅੰਤਰਰਾਸ਼ਟਰੀ ਫ਼ੋਰਮ ਯੂਐੱਸਏ ਵੱਲੋਂ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਮੈਨੇਜਿੰਗ ਡਾਇਰੈਕਟਰ ਅਤੇ ਉੱਘੇ ਸਮਾਜ ਸੇਵੀ ਡਾ. ਐੱਸ.ਪੀ. ਸਿੰਘ ਓਬਰਾਏ ਨੂੰ ਸਿੱਖਿਆ, ਸਿਹਤ, ਮਨੁੱਖੀ ਸੇਵਾ ਅਤੇ ਸਮਾਜ ਭਲਾਈ ਦੇ ਖੇਤਰਾਂ ਵਿੱਚ ਪਾਏ ਜਾ ਰਹੇ ਵਡਮੁੱਲੇ ਯੋਗਦਾਨ ਲਈ ਵਿਸ਼ੇਸ਼ ਸਨਮਾਨ ਪੱਤਰ ਭੇਟ ਕੀਤਾ ਗਿਆ।

ਸ਼੍ਰੋਮਣੀ ਅਕਾਲੀ ਦਲ ਦੇ ਵਫ਼ਦ ਨੇ ਸਾਬਕਾ ਪ੍ਰਧਾਨ ਸਤਪਾਲ ਸਿੰਘ ਬਰਾੜ ਦੀ ਅਗਵਾਈ ਹੇਠ ਡਾ. ਓਬਰਾਏ ਦਾ ਫੁੱਲਾਂ ਦਾ ਗੁਲਦਸਤਾ ਭੇਟ ਕਰਕੇ ਨਿੱਘਾ ਸਵਾਗਤ ਕੀਤਾ। ਸਤਪਾਲ ਸਿੰਘ ਬਰਾੜ ਨੇ ਡਾ. ਓਬਰਾਏ ਵੱਲੋਂ ਜਾਤ-ਪਾਤ, ਧਰਮ ਅਤੇ ਕੌਮੀਅਤ ਤੋਂ ਉੱਪਰ ਉੱਠ ਕੇ ਕੀਤੀ ਜਾ ਰਹੀ ਮਨੁੱਖਤਾ ਦੀ ਸੇਵਾ ਦੀ ਭਰਪੂਰ ਸ਼ਲਾਘਾ ਕੀਤੀ।





ਮੈਰੀਲੈਂਡ ਸਟੇਟ ਦੇ ਕਮਿਸ਼ਨਰ ਅਮਰਜੀਤ ਸਿੰਘ ਸੰਧੂ ਨੇ ਵੀ ਡਾ. ਓਬਰਾਏ ਨੂੰ ਫੁੱਲਾਂ ਦਾ ਗੁਲਦਸਤਾ ਭੇਟ ਕਰਕੇ ਜੀ ਆਇਆਂ ਆਖਿਆ। ਵਰਲਡ ਯੂਨਾਈਟਿਡ ਗੁਰੂ ਨਾਨਕ ਫਾਊਂਡੇਸ਼ਨ ਦੇ ਚੇਅਰਮੈਨ ਅਮਰ ਸਿੰਘ ਮੱਲ੍ਹੀ ਨੇ ਉਨ੍ਹਾਂ ਦਾ ਸਵਾਗਤ ਕਰਦਿਆਂ ਮਨੁੱਖਤਾ ਪ੍ਰਤੀ ਨਿਭਾਈਆਂ ਜਾ ਰਹੀਆਂ ਨਿਰਸਵਾਰਥ ਸੇਵਾਵਾਂ ਦੀ ਪ੍ਰਸ਼ੰਸਾ ਕੀਤੀ।

ਇਸ ਮੌਕੇ ਕੁਲਦੀਪ ਸਿੰਘ ਮੱਲ੍ਹਾ, ਪ੍ਰਤਾਪ ਸਿੰਘ ਗਿੱਲ, ਗੁਰਚਰਨ ਸਿੰਘ ਗੁਰੂ, ਬੀ.ਐੱਸ. ਰੰਧਾਵਾ, ਲਖਬੀਰ ਸਿੰਘ ਤੱਖਰ ਅਤੇ ਨਿਰਪਜੀਤ ਸਿੰਘ ਸਮੇਤ ਕਈ ਪ੍ਰਮੁੱਖ ਸ਼ਖ਼ਸੀਅਤਾਂ ਹਾਜ਼ਰ ਸਨ।

ਸਮਾਗਮ ਨੂੰ ਸੰਬੋਧਨ ਕਰਦਿਆਂ ਡਾ. ਓਬਰਾਏ ਨੇ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਸਿੱਖਿਆ, ਸਿਹਤ ਸੇਵਾਵਾਂ ਅਤੇ ਨੌਜਵਾਨਾਂ ਨੂੰ ਪ੍ਰਸ਼ਾਸਨਿਕ ਸੇਵਾਵਾਂ ਲਈ ਤਿਆਰ ਕਰਨ ਵਾਸਤੇ ਚਲਾਈ ਜਾ ਰਹੀ ਸਿਵਲ ਸਰਵਿਸਿਜ਼ ਅਕੈਡਮੀ ਦੇ ਪ੍ਰੋਜੈਕਟਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ।

ਉਨ੍ਹਾਂ ਦੱਸਿਆ ਕਿ ਇਨ੍ਹਾਂ ਲੋਕ-ਭਲਾਈ ਪ੍ਰੋਜੈਕਟਾਂ ਰਾਹੀਂ ਅਗਲੇ ਦਸ ਸਾਲਾਂ ਵਿੱਚ ਪੰਜਾਬ ਦੇ ਨੌਜਵਾਨਾਂ ਨੂੰ ਸਮਰੱਥ ਬਣਾਉਣ, ਬੁਨਿਆਦੀ ਸੇਵਾਵਾਂ ਨੂੰ ਮਜ਼ਬੂਤ ਕਰਨ ਅਤੇ ਪੰਜਾਬ ਨੂੰ ਸਮਾਜਿਕ ਤੇ ਆਰਥਿਕ ਪੱਖੋਂ ਮਜ਼ਬੂਤ ਲੀਹਾਂ ਉੱਤੇ ਲਿਆਉਣ ਦੀ ਯੋਜਨਾ ਹੈ।

ਡਾ. ਓਬਰਾਏ ਨੇ ਸਨਮਾਨ, ਪਿਆਰ ਅਤੇ ਨਿੱਘੀ ਮੇਜ਼ਬਾਨੀ ਲਈ ਅੰਤਰਰਾਸ਼ਟਰੀ ਫ਼ੋਰਮ ਯੂਐੱਸਏ ਅਤੇ ਸਮੂਹ ਪਤਵੰਤਿਆਂ ਦਾ ਧੰਨਵਾਦ ਕੀਤਾ।

ਡਾ. ਓਬਰਾਏ ਦੇ ਸਨਮਾਨ ਵਿੱਚ ਅੰਤਰਰਾਸ਼ਟਰੀ ਫ਼ੋਰਮ ਯੂਐੱਸਏ ਦੇ ਚੇਅਰਮੈਨ ਡਾ. ਸੁਰਿੰਦਰ ਸਿੰਘ ਗਿੱਲ ਵੱਲੋਂ ਸ਼ਾਨਦਾਰ ਦੁਪਹਿਰ ਦੇ ਭੋਜਨ ਦਾ ਪ੍ਰਬੰਧ ਕੀਤਾ ਗਿਆ। ਸਮਾਗਮ ਦੀ ਮੀਡੀਆ ਕਵਰੇਜ ਜਸ਼ਨ ਸਿੰਘ ਅਤੇ ਸਿਰਮੁਖ ਸਿੰਘ ਮਾਣਕ ਵੱਲੋਂ ਕੀਤੀ ਗਈ।

ਸਮਾਗਮ ਦੀ ਸਮਾਪਤੀ ਮੌਕੇ ਹਾਜ਼ਰ ਆਗੂਆਂ ਨੇ ਡਾ. ਓਬਰਾਏ ਦੇ ਦੂਰਅੰਦੇਸ਼ੀ ਮਿਸ਼ਨ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਦੀਆਂ ਸੇਵਾਵਾਂ ਨੂੰ ਦਇਆ, ਨਿਰਸਵਾਰਥ ਸੇਵਾ ਅਤੇ ਸਮਾਜਿਕ ਜ਼ਿੰਮੇਵਾਰੀ ਦੀ ਪ੍ਰੇਰਨਾਦਾਇਕ ਮਿਸਾਲ ਦੱਸਿਆ।

## ਸਰੀ ਵਿਚ ਵੈਨਕੂਵਰ ਵਿਚਾਰ ਮੰਚ ਵੱਲੋਂ 'ਜਰਨੈਲ ਸਿੰਘ ਆਰਟਿਸਟਸਿਮਰਤੀ ਗਰੰਥ' ਲੋਕ ਅਰਪਣ

### ਜਰਨੈਲ ਸਿੰਘ ਆਰਟਿਸਟ ਨੂੰ ਮਹਾਨ ਚਿੱਤਰਕਾਰ, ਨਿਮਰ, ਸਾਦੇ, ਮਿਲਣਸਾਰ ਅਤੇ ਸੰਵੇਦਨਸ਼ੀਲ ਇਨਸਾਨ ਵਜੋਂ ਯਾਦ ਕੀਤਾ ਗਿਆ

ਵਰਲਡ ਪੰਜਾਬੀ ਟਾਈਮਜ਼
ਹਰਦਮ ਮਾਨ



ਸਰੀ, 9 ਸਤੰਬਰ : ਵੈਨਕੂਵਰ ਵਿਚਾਰ ਮੰਚ (ਰਜਿ.) ਵੱਲੋਂ ਬੀਤੇ ਦਿਨ ਪ੍ਰਸਿੱਧ ਚਿੱਤਰਕਾਰ ਜਰਨੈਲ ਸਿੰਘ ਆਰਟਿਸਟ ਦੀ ਯਾਦ ਨੂੰ ਸਮਰਪਿਤ ਸਿਮਰਤੀ ਗਰੰਥ ਰਿਲੀਜ਼ ਸਮਾਗਮ ਗਰੈਂਡ ਤਾਜ ਬੈਂਕੁਇਟ ਹਾਲ ਸਰੀ ਵਿਖੇ ਕਰਵਾਇਆ ਗਿਆ। ਸਮਾਗਮ ਦੌਰਾਨ ਜਰਨੈਲ ਸਿੰਘ ਆਰਟਿਸਟ ਦੇ ਜੀਵਨ, ਕਲਾ, ਸਾਹਿਤਕ-ਸੱਭਿਆਚਾਰਕ ਸਰੋਕਾਰਾਂ ਅਤੇ ਉਨ੍ਹਾਂ ਦੀ ਨਿੱਘੀ ਸ਼ਖ਼ਸੀਅਤ ਨਾਲ ਜੁੜੀਆਂ ਯਾਦਾਂ ਨੂੰ ਵੱਖ-ਵੱਖ ਬੁਲਾਰਿਆਂ ਨੇ ਸਾਂਝਾ ਕੀਤਾ। ਇਸ ਮੌਕੇ 'ਜਰਨੈਲ ਸਿੰਘ ਆਰਟਿਸਟ ਸਿਮਰਤੀ ਗ੍ਰੰਥ' ਵੀ ਰਿਲੀਜ਼ ਕੀਤਾ ਗਿਆ।

ਸਮਾਗਮ ਦੀ ਸ਼ੁਰੂਆਤ ਕਰਦਿਆਂ ਵੈਨਕੂਵਰ ਵਿਚਾਰ ਮੰਚ ਦੇ ਬੁਲਾਰੇ ਅੰਗਰੇਜ਼ ਬਰਾੜ ਨੇ ਹਾਜ਼ਰੀਨ ਦਾ ਸਵਾਗਤ ਕੀਤਾ। ਉਨ੍ਹਾਂ ਨੇ ਜਰਨੈਲ ਸਿੰਘ ਆਰਟਿਸਟ ਨਾਲ ਆਪਣੀ ਲੰਮੀ ਸਾਂਝ ਅਤੇ ਦੋਸਤੀ ਨੂੰ ਯਾਦ ਕਰਦਿਆਂ ਉਨ੍ਹਾਂ ਨਾਲ ਆਖਰੀ ਸਮੇਂ ਤੱਕ ਹੋਈ ਗੱਲਬਾਤ ਅਤੇ ਵਿਚਾਰ-ਵਟਾਂਦਰੇ ਬਾਰੇ ਭਾਵਪੂਰਨ ਢੰਗ ਨਾਲ ਗੱਲ ਕੀਤੀ। ਉਨ੍ਹਾਂ ਕਿਹਾ ਕਿ ਜਰਨੈਲ ਸਿੰਘ ਆਰਟਿਸਟ ਦੀ ਯਾਦ ਉਨ੍ਹਾਂ ਨਾਲ ਜੁੜੇ ਲੋਕਾਂ ਦੇ ਦਿਲਾਂ ਵਿੱਚ ਹਮੇਸ਼ਾ ਜਿਊਂਦੀ ਰਹੇਗੀ।






ਉਪਰੰਤ ਵੈਨਕੂਵਰ ਵਿਚਾਰ ਮੰਚ ਦੇ ਸਰਪ੍ਰਸਤ ਅਤੇ ਪ੍ਰਸਿੱਧ ਨਾਵਲਕਾਰ ਜਰਨੈਲ ਸਿੰਘ ਸੇਖਾ ਨੇ ਜਰਨੈਲ ਸਿੰਘ ਆਰਟਿਸਟ ਨਾਲ ਆਪਣੀ ਲੰਮੀ ਸਾਂਝ ਦਾ ਜ਼ਿਕਰ ਕਰਦਿਆਂ ਉਨ੍ਹਾਂ ਦੀ ਸ਼ਖ਼ਸੀਅਤ ਅਤੇ ਕਲਾ ਦੇ ਵੱਖ-ਵੱਖ ਪੱਖਾਂ ਬਾਰੇ ਵਿਸਥਾਰ ਨਾਲ ਵਿਚਾਰ ਸਾਂਝੇ ਕੀਤੇ। ਉਨ੍ਹਾਂ ਨੇ ਸਿਮਰਤੀ ਗ੍ਰੰਥ ਦੀ ਤਿਆਰੀ, ਇਸ ਦੇ ਮਕਸਦ ਅਤੇ ਜਰਨੈਲ ਸਿੰਘ ਆਰਟਿਸਟ ਦੀਆਂ ਯਾਦਾਂ ਨੂੰ ਸਾਂਭਣ ਲਈ ਕੀਤੇ ਇਸ ਉਪਰਾਲੇ ਬਾਰੇ ਵੀ ਜਾਣਕਾਰੀ ਦਿੱਤੀ।

ਜਰਨੈਲ ਸਿੰਘ ਆਰਟਿਸਟ ਸਿਮਰਤੀ ਗਰੰਥ ਲੋਕ ਅਰਪਣ ਕਰਨ ਉਪਰੰਤ ਮੰਚ ਦੇ ਬੁਲਾਰੇ ਮੋਹਨ ਗਿੱਲ ਨੇ ਸਟੇਜ ਦੀ ਕਾਰਵਾਈ ਸੰਭਾਲਦਿਆਂ ਵੱਖ-ਵੱਖ ਬੁਲਾਰਿਆਂ ਨੂੰ ਜਰਨੈਲ ਸਿੰਘ ਆਰਟਿਸਟ ਨਾਲ ਆਪਣੀ ਸਾਂਝ ਅਤੇ ਉਨ੍ਹਾਂ ਦੀ ਕਲਾ ਤੇ ਸ਼ਖ਼ਸੀਅਤ ਬਾਰੇ ਵਿਚਾਰ ਸਾਂਝੇ ਕਰਨ ਲਈ ਸੱਦਾ ਦਿੱਤਾ। ਇਸ ਮੌਕੇ ਮੀਰਾ ਗਿੱਲ, ਕੁਲਜੀਤ ਕੌਰ, ਆਸ਼ਿਆਨਾ, ਸ਼ਾਇਰ ਜਸਵਿੰਦਰ, ਡਾ. ਅਮਰਜੀਤ ਭੁੱਲਰ, ਗੁਰਦੀਪ ਭੁੱਲਰ, ਡਾ. ਗੁਲਜ਼ਾਰ ਸਿੰਘ ਵਿਲਿੰਗ, ਅਜਮੇਰ ਰੋਡੇ, ਬਲਦੇਵ ਬਾਠ, ਇੰਦਰਜੀਤ ਧਾਮੀ, ਡਾ. ਗੁਰਵਿੰਦਰ ਧਾਲੀਵਾਲ, ਡਾ. ਗੁਰਮਿੰਦਰ ਸਿੱਧੂ, ਅਮਰਜੀਤ ਖਹਿਰਾ, ਸਤੀਸ਼ ਗੁਲਾਟੀ, ਜਰਨੈਲ ਸਿੰਘ ਆਰਟਿਸਟ ਦੀ ਬੇਟੀ ਨੀਤੀ ਸਿੰਘ, ਅਮਰੀਕ ਪਲਾਹੀ, ਕਵਿੰਦਰ ਚਾਂਦ, ਗੁਲਸ਼ਨ ਦਿਆਲ, ਸੁਰਜੀਤ ਕਲਸੀ, ਹਰਕੀਰਤ ਚਾਹਲ, ਬਲਰਾਜ ਬਾਸੀ, ਕੇਸਰ ਸਿੰਘ ਕੂਨਰ, ਮਹਿੰਦਰਪਾਲ ਸਿੰਘ ਪਾਲ, ਗੁਰਦੇਵ ਸਿੰਘ ਦਰਦੀ, ਬਖ਼ਸ਼ਿੰਦਰ, ਨਵਲਪ੍ਰੀਤ ਰੰਗੀ, ਅਸ਼ੋਕ ਭਾਰਗਵ, ਕ੍ਰਿਸ਼ਨ ਬੈਕਟਰ ਅਤੇ ਪ੍ਰਿੰਅਕਾ ਨਿੱਝਰ ਸਮੇਤ ਹੋਰ ਸ਼ਖ਼ਸੀਅਤਾਂ ਨੇ ਆਪਣੇ ਵਿਚਾਰ ਪੇਸ਼ ਕੀਤੇ।


ਬੁਲਾਰਿਆਂ ਨੇ ਜਰਨੈਲ ਸਿੰਘ ਆਰਟਿਸਟ ਨਾਲ ਜੁੜੀਆਂ ਆਪਣੀਆਂ ਨਿੱਜੀ ਯਾਦਾਂ ਸਾਂਝੀਆਂ ਕਰਦਿਆਂ ਉਨ੍ਹਾਂ ਨੂੰ ਇੱਕ ਬਿਹਤਰੀਨ ਚਿੱਤਰਕਾਰ ਦੇ ਨਾਲ ਨਾਲ ਬੇਹੱਦ ਨਿਮਰ, ਸਾਦੇ, ਮਿਲਣਸਾਰ ਅਤੇ ਸੰਵੇਦਨਸ਼ੀਲ ਇਨਸਾਨ ਵਜੋਂ ਯਾਦ ਕੀਤਾ। ਉਨ੍ਹਾਂ ਦੀ ਚਿੱਤਰਕਲਾ ਵਿੱਚ ਮੌਜੂਦ ਸੁਹਜ, ਡੂੰਘੀ ਸੋਚ, ਪੰਜਾਬੀਅਤ ਅਤੇ ਮਨੁੱਖੀ ਸੰਵੇਦਨਾ ਬਾਰੇ ਵੀ ਬੁਲਾਰਿਆਂ ਨੇ ਆਪਣੇ ਵਿਚਾਰ ਪ੍ਰਗਟ ਕੀਤੇ। ਕਈ ਬੁਲਾਰਿਆਂ ਨੇ ਉਨ੍ਹਾਂ ਨਾਲ ਬਿਤਾਏ ਪਲਾਂ ਨੂੰ ਯਾਦ ਕਰਦਿਆਂ ਉਨ੍ਹਾਂ ਦੀ ਸ਼ਖ਼ਸੀਅਤ ਦੇ ਅਜਿਹੇ ਪੱਖ ਸਾਹਮਣੇ ਲਿਆਂਦੇ, ਜਿਨ੍ਹਾਂ ਨੇ ਸਮਾਗਮ ਨੂੰ ਹੋਰ ਵੀ ਭਾਵਪੂਰਨ ਬਣਾ ਦਿੱਤਾ। ਬੁਲਾਰਿਆਂ ਨੇ ਵੈਨਕੂਵਰ ਵਿਚਾਰ ਮੰਚ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇੱਕ ਕਲਾਕਾਰ ਦੇ ਜੀਵਨ, ਕਲਾ ਅਤੇ ਸ਼ਖ਼ਸੀਅਤ ਨਾਲ ਜੁੜੀਆਂ ਯਾਦਾਂ ਨੂੰ ਪੁਸਤਕ ਦੇ ਰੂਪ ਵਿੱਚ ਸਾਂਭਣਾ ਆਉਣ ਵਾਲੀਆਂ ਪੀੜ੍ਹੀਆਂ ਲਈ ਮਹੱਤਵਪੂਰਨ ਦਸਤਾਵੇਜ਼ ਸਾਬਤ ਹੋਵੇਗਾ।

ਸਮਾਗਮ ਦੌਰਾਨ ਗੁਰਦੀਪ ਭੁੱਲਰ ਵੱਲੋਂ ਜਰਨੈਲ ਸਿੰਘ ਆਰਟਿਸਟ ਦੇ ਜੀਵਨ ਅਤੇ ਕਲਾ ਸੰਬੰਧੀ ਤਿਆਰ ਕੀਤੀ ਗਈ ਇੱਕ ਖ਼ੂਬਸੂਰਤ ਡਾਕੂਮੈਂਟਰੀ ਫ਼ਿਲਮ ਵੀ ਪ੍ਰਦਰਸ਼ਿਤ ਕੀਤੀ ਗਈ। ਫ਼ਿਲਮ ਵਿੱਚ ਉਨ੍ਹਾਂ ਦੇ ਜੀਵਨ, ਕਲਾਤਮਕ ਸਫ਼ਰ ਅਤੇ ਚਿੱਤਰਕਲਾ ਦੇ ਵੱਖ-ਵੱਖ ਪੱਖਾਂ ਨੂੰ ਪੇਸ਼ ਕੀਤਾ ਗਿਆ। ਜਰਨੈਲ ਸਿੰਘ ਆਰਟਿਸਟ ਦੀ ਬੇਟੀ ਨੀਤੀ ਸਿੰਘ ਵੱਲੋਂ ਉਨ੍ਹਾਂ ਦੀ ਕਲਾ ਨਾਲ ਸਬੰਧਤ ਕੁਝ ਚਿੱਤਰਾਂ ਦੀ ਵਿਸ਼ੇਸ਼ ਪ੍ਰਦਰਸ਼ਨੀ ਵੀ ਲਾਈ ਗਈ। ਕਲਾ ਪ੍ਰੇਮੀਆਂ ਨੇ ਇਨ੍ਹਾਂ ਚਿੱਤਰਾਂ ਨੂੰ ਦਿਲਚਸਪੀ ਨਾਲ ਦੇਖਿਆ ਅਤੇ ਜਰਨੈਲ ਸਿੰਘ ਆਰਟਿਸਟ ਦੀ ਕਲਾਤਮਿਕ ਪ੍ਰਤਿਭਾ ਨੂੰ ਨੇੜਿਓਂ ਮਹਿਸੂਸ ਕੀਤਾ। ਇਸੇ ਦੌਰਾਨ ਗੁਲਾਟੀ ਪਬਲਿਸ਼ਰਜ਼ ਲਿਮਿਟਿਡ, ਸਰੀ ਵੱਲੋਂ ਪੁਸਤਕ ਪ੍ਰਦਰਸ਼ਨੀ ਵੀ ਲਾਈ ਗਈ, ਜਿਸ ਵਿੱਚ ਪੰਜਾਬੀ ਸਾਹਿਤ ਅਤੇ ਸੱਭਿਆਚਾਰ ਨਾਲ ਸਬੰਧਤ ਵੱਖ-ਵੱਖ ਪੁਸਤਕਾਂ ਪ੍ਰਦਰਸ਼ਿਤ ਕੀਤੀਆਂ ਗਈਆਂ।

ਅੰਤ ਵਿੱਚ ਵੈਨਕੂਵਰ ਵਿਚਾਰ ਮੰਚ ਦੇ ਬੁਲਾਰੇ ਹਰਦਮ ਮਾਨ ਨੇ ਸਮਾਗਮ ਵਿੱਚ ਸ਼ਾਮਲ ਹੋਏ ਸਾਰੇ ਬੁਲਾਰਿਆਂ, ਸਹਿਯੋਗੀਆਂ, ਕਲਾ ਅਤੇ ਸਾਹਿਤ ਨਾਲ ਜੁੜੀਆਂ ਸ਼ਖ਼ਸੀਅਤਾਂ, ਜਰਨੈਲ ਸਿੰਘ ਆਰਟਿਸਟ ਦੇ ਪਰਿਵਾਰਕ ਮੈਂਬਰਾਂ, ਪ੍ਰਸ਼ੰਸਕਾਂ ਅਤੇ ਸਮਾਗਮ ਦੀ ਸਫ਼ਲਤਾ ਲਈ ਸਹਿਯੋਗ ਦੇਣ ਵਾਲੇ ਸਮੂਹ ਸੱਜਣਾਂ ਦਾ ਧੰਨਵਾਦ ਕੀਤਾ। ਉਨ੍ਹਾਂ ਵਿਸ਼ੇਸ਼ ਤੌਰ 'ਤੇ ਸਿਮਰਤੀ ਗ੍ਰੰਥ ਦੀ ਤਿਆਰੀ ਅਤੇ ਸਮਾਗਮ ਦੇ ਪ੍ਰਬੰਧਾਂ ਵਿੱਚ ਸਹਿਯੋਗ ਦੇਣ ਵਾਲਿਆਂ ਦਾ ਵੀ ਧੰਨਵਾਦ ਕੀਤਾ।

# ਕਾਲਪਨਿਕ ਬਿਮਾਰੀਆਂ ਲਈ ਇਲਾਜ ਸੁਝਾਅ!

ਵਰਲਡ ਪੰਜਾਬੀ ਟਾਈਮਜ਼
ਜ਼ਫ਼ਰ ਇਕਬਾਲ ਜ਼ਫ਼ਰ



ਮੈਂ ਹੋਰ ਜ਼ਿੰਦਾ, ਮਰੇ ਹੋਏ ਅਤੇ ਅੱਧ-ਮਰੇ ਲੋਕਾਂ ਨਾਲੋਂ ਕਈ ਤਰ੍ਹਾਂ ਦੀਆਂ ਬਿਮਾਰੀਆਂ ਤੋਂ ਜ਼ਿਆਦਾ ਮਰਿਆ ਹਾਂ। ਮੇਰਾ ਇੱਕ ਦੋਸਤ ਹੈ ਜੋ ਨੇੜੇ ਹੀ ਇੱਕ ਮੈਡੀਕਲ ਸਟੋਰ ਦਾ ਮਾਲਕ ਹੈ ਜਿੱਥੇ ਅਸੀਂ ਹਰ ਰੋਜ਼ ਚਾਹ ਲਈ ਇਕੱਠੇ ਹੁੰਦੇ ਸੀ। ਡਾਕਟਰ ਆਪਣੇ ਕਲੀਨਿਕਾਂ ਲਈ ਦਵਾਈਆਂ ਖਰੀਦਦੇ ਸਨ ਅਤੇ ਕੁਝ ਸਮੇਂ ਲਈ ਸਾਡੇ ਨਾਲ ਗੱਲਬਾਤ ਕਰਦੇ ਸਨ, ਜਿਸ ਕਾਰਨ ਮੈਨੂੰ ਅਕਸਰ ਸਭ ਤੋਂ ਭੈੜੀਆਂ ਬਿਮਾਰੀਆਂ ਦੇ ਨਾਮ ਅਤੇ ਲੱਛਣਾਂ ਬਾਰੇ ਜਾਣਕਾਰੀ ਮਿਲਦੀ ਸੀ, ਜਿਵੇਂ ਕਿ ਅੱਜ ਦੇ ਯੁੱਗ ਵਿੱਚ, ਹਰ ਬਿਮਾਰੀ ਨੂੰ ਮੋਬਾਈਲ ਫੋਨ 'ਤੇ ਜਾਣ-ਪਛਾਣ, ਲੱਛਣਾਂ ਅਤੇ ਇਲਾਜ ਲਈ ਨੁਸਖ਼ਿਆਂ ਨਾਲ ਸਮਝਾਇਆ ਜਾਂਦਾ ਹੈ। ਉਨ੍ਹਾਂ ਦੀਆਂ ਪਸੰਦੀਦਾ ਟਿੱਪਣੀਆਂ ਦੇਖ ਕੇ, ਮੈਨੂੰ ਵੱਡੀ ਗਿਣਤੀ ਵਿੱਚ ਬਿਮਾਰ ਲੋਕਾਂ ਨੂੰ ਦੇਖ ਕੇ ਦੁੱਖ ਹੁੰਦਾ ਹੈ ਅਤੇ ਮੈਂ ਯਕੀਨ ਨਾਲ ਕਹਿ ਸਕਦਾ ਹਾਂ ਕਿ ਉਨ੍ਹਾਂ ਵਿੱਚੋਂ ਜ਼ਿਆਦਾਤਰ ਉਹ ਹਨ ਜਿਨ੍ਹਾਂ ਨੂੰ ਬਿਮਾਰੀ ਨਹੀਂ ਹੈ, ਸਗੋਂ ਬਿਮਾਰੀ ਦਾ ਭਰਮ ਹੈ ਅਤੇ ਉਹ ਇੱਕ ਦਰਦਨਾਕ ਭਾਵਨਾ ਤੋਂ ਪੀੜਤ ਹਨ।

ਮੈਂ ਬਦਲਦੇ ਮੌਸਮਾਂ ਅਤੇ ਮੂਡਾਂ ਦੌਰਾਨ ਘੰਟਿਆਂ ਬੱਧੀ ਕਿਸੇ ਬਿਮਾਰੀ ਬਾਰੇ ਸੋਚਦਾ ਰਹਿੰਦਾ ਸੀ ਅਤੇ ਇਸ ਬਾਰੇ ਚਿੰਤਾ ਕਰਦਾ ਰਹਿੰਦਾ ਸੀ। ਇਸ ਨਾਲ ਮੇਰੇ ਸਰੀਰ ਵਿੱਚ ਉਹ ਸਾਰੇ ਲੱਛਣ ਪੈਦਾ ਹੋ ਜਾਂਦੇ ਸਨ ਜੋ ਉਸ ਬਿਮਾਰੀ ਦੇ ਗੁਣ ਸਨ। ਜਦੋਂ ਮੈਂ ਲੱਛਣਾਂ ਦੇ ਰਸਤੇ 'ਤੇ ਚੱਲ ਕੇ ਕਈ ਵਾਰ ਬਿਮਾਰੀ 'ਤੇ ਪਹੁੰਚਿਆ, ਤਾਂ ਮੈਨੂੰ ਕੁਝ ਦਿਨਾਂ ਬਾਅਦ ਡੂੰਘਾ ਪਛਤਾਵਾ ਅਤੇ ਸ਼ਰਮ ਮਹਿਸੂਸ ਹੋਈ ਕਿ ਮੈਂ ਉਸ ਬਿਮਾਰੀ 'ਤੇ ਪਹੁੰਚ ਗਿਆ ਸੀ ਜੋ ਮੇਰੇ ਵੱਲ ਨਹੀਂ ਆ ਰਹੀ ਸੀ। ਮੈਂ ਬਿਸਤਰੇ 'ਤੇ ਲੇਟ ਗਿਆ ਅਤੇ ਇਸਦੇ ਖਾਸ ਲੱਛਣਾਂ ਬਾਰੇ ਸੋਚਣ ਲੱਗਾ। ਮੈਂ ਬਹੁਤ ਚਿੰਤਤ ਹੋ ਗਿਆ ਅਤੇ ਜਾਂਚ ਲਈ ਇੱਕ ਡਾਕਟਰ ਕੋਲ ਗਿਆ। ਉਸਨੇ ਮੇਰੇ ਸਰੀਰ ਵਿੱਚ ਮੇਰੇ ਦਿਮਾਗ ਰਾਹੀਂ ਫੈਲ ਰਹੀ ਇੱਕ ਬਿਮਾਰੀ ਦੀ ਮੌਜੂਦਗੀ ਦੀ ਪੁਸ਼ਟੀ ਕੀਤੀ। ਹੁਣ ਮੇਰੇ ਵਿਚਾਰ "ਮੈਂ ਇੱਕ ਬਿਮਾਰੀ ਬਣ ਗਈ ਹਾਂ" ਦੀ ਬਜਾਏ "ਮੈਂ ਇੱਕ ਬਿਮਾਰੀ ਬਣ ਗਈ ਹਾਂ" ਦੇ ਪੱਧਰ 'ਤੇ ਰੁਕ ਗਏ। ਮੇਰਾ ਮਨ ਕੁਝ ਸ਼ਾਂਤ ਹੋ ਗਿਆ ਕਿਉਂਕਿ ਮੈਨੂੰ ਹੁਣ ਬਿਮਾਰੀ ਬਾਰੇ ਕੋਈ ਡਰ ਨਹੀਂ ਸੀ। ਇਸ ਲਈ ਮੈਂ ਬਿਸਤਰੇ 'ਤੇ ਪਲਟ ਗਿਆ ਅਤੇ ਸੌਂ ਗਿਆ। ਚਿੰਤਾਵਾਂ ਤੋਂ ਛੁਟਕਾਰਾ ਪਾਉਣਾ ਵੀ ਦਵਾਈ ਦਾ ਕੰਮ ਕਰਦਾ ਹੈ। ਅਗਲੀ ਸਵੇਰ ਤੱਕ, ਮੈਂ ਪੂਰੀ ਤਰ੍ਹਾਂ ਠੀਕ ਹੋ ਗਿਆ ਸੀ।

ਮੈਨੂੰ ਕਈ ਸਾਲਾਂ ਤੋਂ ਅਜੀਬ ਅਤੇ ਅਸਾਧਾਰਨ ਬਿਮਾਰੀਆਂ ਤੋਂ ਪੀੜਤ ਹੋਣ ਦਾ ਸੁਭਾਗ ਪ੍ਰਾਪਤ ਹੋਇਆ ਹੈ, ਜਿਸ ਕਾਰਨ ਮੈਨੂੰ ਲੋਕਾਂ ਤੋਂ ਬਹੁਤ ਧਿਆਨ ਅਤੇ ਹਮਦਰਦੀ ਮਿਲੀ ਹੈ। ਇਸ ਬੇਲੋੜੇ ਅਨੁਭਵ ਦੇ ਦਰਦ ਵਿੱਚੋਂ ਲੰਘਣ ਤੋਂ ਬਾਅਦ, ਹੁਣ ਜਦੋਂ ਮੈਂ ਇਸ ਬਾਰੇ ਸੋਚਦਾ ਹਾਂ ਤਾਂ ਮੈਂ ਹੱਸਦਾ ਹਾਂ। ਵਿਸ਼ਵਾਸ ਕਰੋ, ਮੇਰੀ ਹਾਲਤ ਉਸ ਸਮੇਂ ਸੱਚਮੁੱਚ ਤਰਸਯੋਗ ਸੀ। ਲੰਬੇ ਸਮੇਂ ਤੋਂ, ਮੈਨੂੰ ਇਮਾਨਦਾਰੀ ਅਤੇ ਨਕਾਰਾਤਮਕ ਤੌਰ 'ਤੇ ਡਰ ਸੀ ਕਿ ਮੈਂ ਮੌਤ ਦੇ ਕਿਨਾਰੇ ਬੈਠਾ ਹਾਂ। ਆਪਣੇ ਲਈ ਜੁੱਤੇ ਅਤੇ ਕੱਪੜੇ ਖਰੀਦਦੇ ਸਮੇਂ ਵੀ, ਮੈਂ ਆਪਣੇ ਆਪ ਤੋਂ ਪੁੱਛਦਾ ਸੀ ਕਿ ਕੀ ਮੈਨੂੰ ਇਨ੍ਹਾਂ ਚੀਜ਼ਾਂ 'ਤੇ ਪੈਸੇ ਬਰਬਾਦ ਕਰਨੇ ਚਾਹੀਦੇ ਹਨ? ਜਦੋਂ ਕਿ ਮੈਂ ਜਾਣਦਾ ਹਾਂ ਕਿ ਮੈਂ ਘੱਟੋ-ਘੱਟ ਇਨ੍ਹਾਂ ਚੀਜ਼ਾਂ ਦੀ ਵਰਤੋਂ ਕਰਨ ਲਈ ਜੀ ਨਹੀਂ ਸਕਾਂਗਾ। ਹਾਲਾਂਕਿ, ਅੱਜ ਮੈਨੂੰ ਇਹ ਐਲਾਨ ਕਰਦੇ ਹੋਏ ਬਹੁਤ ਖੁਸ਼ੀ ਹੋ ਰਹੀ ਹੈ ਕਿ ਮੇਰੀ ਹਾਲਤ ਵਿੱਚ ਬਹੁਤ ਸੁਧਾਰ ਹੋਇਆ ਹੈ। ਮੈਂ ਪਿਛਲੇ ਕਈ ਸਾਲਾਂ ਵਿੱਚ ਇੱਕ ਵਾਰ ਵੀ ਨਹੀਂ ਮਰਿਆ।

ਹੁਣ, ਉਸੇ ਸਥਿਤੀ ਵਿੱਚ ਫਸੇ ਲੋਕਾਂ ਦੀ ਮਦਦ ਕਰਨ ਲਈ ਜਿਸ ਵਿੱਚੋਂ ਮੈਂ ਲੰਘਿਆ ਸੀ, ਮੈਂ ਇਸ ਲੇਖ ਦੇ ਕੈਪਸੂਲ ਵਿੱਚ ਇਸਦੀ ਦਵਾਈ ਪੇਸ਼ ਕਰਨ ਜਾ ਰਿਹਾ ਹਾਂ ਅਤੇ ਤੁਹਾਨੂੰ ਦੱਸਾਂਗਾ ਕਿ ਮੈਂ ਵਾਰ-ਵਾਰ ਮਰਨਾ ਕਿਵੇਂ ਬੰਦ ਕਰ ਦਿੱਤਾ। ਹਾਸੋਹੀਣੇ ਵਿਚਾਰਾਂ ਦੀ ਦੁਨੀਆ ਤੋਂ ਆਪਣੇ ਆਪ ਨੂੰ ਦੂਰ ਕਰਨ ਤੋਂ ਬਾਅਦ, ਜਦੋਂ ਵੀ ਮੈਨੂੰ ਲੱਗਦਾ ਹੈ ਕਿ ਮੇਰੇ ਵਿੱਚ ਭਿਆਨਕ ਲੱਛਣ ਪੈਦਾ ਹੋ ਰਹੇ ਹਨ, ਮੈਂ ਹੱਸਦਾ ਹਾਂ ਅਤੇ ਆਪਣੇ ਆਪ ਨੂੰ ਕਹਿੰਦਾ ਹਾਂ, ਜ਼ਫਰ, ਇੱਥੇ ਦੇਖੋ। ਤੁਸੀਂ ਲੰਬੇ ਸਮੇਂ ਤੋਂ ਇੱਕ ਤੋਂ ਬਾਅਦ ਇੱਕ ਮਾਨਸਿਕ ਬਿਮਾਰੀਆਂ ਨਾਲ ਮਰ ਰਹੇ ਹੋ, ਫਿਰ ਵੀ ਤੁਹਾਡੀ ਸਿਹਤ ਸੰਤੁਸ਼ਟੀਜਨਕ ਹੈ। ਤੁਹਾਨੂੰ ਬਿਮਾਰੀਆਂ ਦੀ ਬਜਾਏ ਆਪਣੀ ਖੁਰਾਕ ਦੇ ਸੰਦਰਭ ਵਿੱਚ ਸਿਹਤਮੰਦ ਭੋਜਨ 'ਤੇ ਧਿਆਨ ਕੇਂਦਰਿਤ ਕਰਨਾ ਚਾਹੀਦਾ ਹੈ। ਬਿਮਾਰੀਆਂ ਬਾਰੇ ਸੋਚਣ ਅਤੇ ਬਿਮਾਰ ਹੋਣ ਦਾ ਦਿਖਾਵਾ ਕਰਨ ਵਾਲੇ ਮੂਰਖ ਵਜੋਂ ਆਪਣੇ ਆਪ ਨੂੰ ਮਹਿਸੂਸ ਕਰਕੇ ਜੋ ਹਾਸਾ ਤੁਸੀਂ ਪਾ ਸਕਦੇ ਹੋ ਉਹ ਵੀ ਲਾਭਦਾਇਕ ਹੈ।

ਭਰਮ ਦੇ ਸੱਪ ਨੂੰ ਦੁਬਾਰਾ ਡੰਗਣ ਦਾ ਮੌਕਾ ਨਾ ਦੇਣਾ, ਆਪਣੇ ਬਾਰੇ ਬੇਲੋੜੀ ਚਿੰਤਾ ਨਾ ਕਰਨਾ, ਵਿਚਾਰ 'ਤੇ ਹੱਸਣਾ ਤੁਹਾਨੂੰ ਖੁਸ਼ ਮਹਿਸੂਸ ਕਰਵਾਉਂਦਾ ਹੈ, ਫਿਰ ਆਪਣੇ ਆਪ 'ਤੇ ਵਾਰ-ਵਾਰ ਹੱਸਣ ਦੇ ਅਨੰਦ ਦਾ ਆਨੰਦ ਮਾਣਨਾ, ਪਰੇਸ਼ਾਨ ਕਰਨ ਵਾਲੇ ਭਰਮ ਨੂੰ ਆਪਣੀ ਮੌਤ ਮਰਨ ਲਈ ਮਜਬੂਰ ਕਰਨਾ। ਇਸ ਸਭ ਦਾ ਉਦੇਸ਼ ਤੁਹਾਨੂੰ ਇਸ ਸਥਿਤੀ ਤੋਂ ਜਾਣੂ ਕਰਵਾਉਣਾ ਹੈ, ਤਾਂ ਜੋ ਤੁਸੀਂ ਆਪਣੇ ਆਪ ਨੂੰ ਬਹੁਤ ਗੰਭੀਰਤਾ ਨਾਲ ਨਾ ਲਓ।

ਆਪਣੀਆਂ ਮੂਰਖ ਚਿੰਤਾਵਾਂ 'ਤੇ ਹੱਸੋ, ਤੁਸੀਂ ਜਲਦੀ ਹੀ ਦੇਖੋਗੇ ਕਿ ਚਿੰਤਾ ਅਤੇ ਬਿਮਾਰ ਕਰਨ ਵਾਲੇ ਵਿਚਾਰਾਂ ਦਾ ਵਜੂਦ ਗਾਇਬ ਹੋ ਗਿਆ ਹੈ। ਸੋਸ਼ਲ ਮੀਡੀਆ 'ਤੇ ਛੋਟੀਆਂ ਬਿਮਾਰੀਆਂ ਦੀਆਂ ਵੀਡੀਓਜ਼ ਨੂੰ ਨਜ਼ਰਅੰਦਾਜ਼ ਕਰੋ ਜੋ ਤੁਹਾਡੇ ਲਈ ਨਹੀਂ ਹਨ। ਬਿਮਾਰੀਆਂ ਬਾਰੇ ਜਾਣਕਾਰੀ ਤੁਹਾਨੂੰ ਬਿਮਾਰ ਵੀ ਬਣਾਉਂਦੀ ਹੈ। ਕਈ ਵਾਰ ਲੋਕ ਨੁਸਖੇ ਇਕੱਠੇ ਕਰਦੇ ਹਨ ਜਿਨ੍ਹਾਂ ਦੀ ਉਨ੍ਹਾਂ ਨੂੰ ਲੋੜ ਨਹੀਂ ਹੁੰਦੀ, ਪਰ ਉਹ ਅਜਿਹਾ ਇਸ ਲਈ ਕਰਦੇ ਹਨ ਕਿਉਂਕਿ ਉਹ ਲੋੜ ਨੂੰ ਪੜ੍ਹ ਸਕਦੇ ਹਨ ਅਤੇ ਉਡੀਕ ਕਰ ਸਕਦੇ ਹਨ ਕਿ ਇਹ ਮਾਮਲਾ ਕਦੋਂ ਵਾਪਰਦਾ ਹੈ ਅਤੇ ਅਸੀਂ ਉਸ ਨੁਸਖੇ ਦੀ ਵਰਤੋਂ ਕਰਦੇ ਹਾਂ ਜੋ ਅਸੀਂ ਲੱਭਿਆ ਹੈ। ਇਹ ਇਰਾਦਾ ਇੱਕ ਦਿਨ ਉਨ੍ਹਾਂ ਨੂੰ ਇਸ ਦਰਦਨਾਕ ਪ੍ਰਕਿਰਿਆ ਵੱਲ ਲੈ ਜਾਂਦਾ ਹੈ। ਸਾਡੇ ਸਰੀਰ ਦੇ ਸਾਰੇ ਅੰਗ ਸਾਡੇ ਦਿਮਾਗ ਦੁਆਰਾ ਨਿਯੰਤਰਿਤ ਹੁੰਦੇ ਹਨ। ਜਦੋਂ ਅਸੀਂ ਆਪਣੇ ਦਿਮਾਗ ਨੂੰ ਆਪਣੇ ਕਿਸੇ ਵੀ ਅੰਗ ਬਾਰੇ ਗਲਤ ਨਿਰਦੇਸ਼ ਦਿੰਦੇ ਹਾਂ, ਤਾਂ ਨਤੀਜੇ ਦਰਦ ਅਤੇ ਦੁੱਖ, ਵਿੱਤੀ ਅਤੇ ਸਿਹਤ ਨੁਕਸਾਨ ਹੁੰਦੇ ਹਨ। ਇਹ ਤੁਹਾਡੇ ਲਈ ਚੰਗਾ ਨਹੀਂ ਹੈ।
ਸਭ ਤੋਂ ਪਹਿਲਾਂ ਧਿਆਨ ਰੱਖਣ ਵਾਲੀ ਚੀਜ਼ ਤੁਹਾਡੀ ਆਪਣੀ ਹੋਂਦ ਹੈ, ਪਿਆਰ ਦਾ ਆਨੰਦ ਵੀ ਵਿਲੱਖਣ ਹੈ।

# ਪੀ.ਏ.ਯੂ. ਵਿਚ 'ਜਿਨ ਪਤਿ ਰਾਖੀ' ਨਾਟਕ ਦਾ ਮੰਚਨ ਹੋਇਆ

ਵਰਲਡ ਪੰਜਾਬੀ ਟਾਈਮਜ਼

ਲੁਧਿਆਣਾ 9 ਸਤੰਬਰ : ਪੀ.ਏ.ਯੂ. ਦੇ ਡਾਇਰੈਕਟੋਰੇਟ ਵਿਦਿਆਰਥੀ ਭਲਾਈ ਵੱਲੋਂ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਦੇ ਸਹਿਯੋਗ ਨਾਲ ਬੀਤੇ ਦਿਨੀਂ ਡਾ. ਮਨਮੋਹਨ ਸਿੰਘ ਆਡੀਟੋਰੀਅਮ ਵਿਚ ਗੁਰੂ ਤੇਗ ਬਹਾਦਰ ਜੀ ਦੇ ਜੀਵਨ ਅਤੇ ਸ਼ਹਾਦਤ ਬਾਰੇ ਨਾਟਕ ਜਿਨ ਪਤਿ ਰਾਖੀ ਖੇਡਿਆ ਗਿਆ| ਇਸ ਦੌਰਾਨ ਮੁਖ ਮਹਿਮਾਨ ਦੇ ਤੌਰ ਤੇ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਰਿਸ਼ੀਪਾਲ ਸਿੰਘ ਆਈ ਏ ਐੱਸ ਸ਼ਾਮਿਲ ਹੋਏ| ਡਾ. ਰਿਸ਼ੀਪਾਲ ਸਿੰਘ ਨੇ ਮੌਜੂਦਾ ਸਮੇਂ ਵਿਚ ਗੁਰੂ ਤੇਗ ਬਹਾਦਰ ਸਾਹਿਬ ਦੀ ਸ਼ਹਾਦਤ ਨੂੰ ਸਮਾਜ ਵਿਚ ਭਾਈਚਾਰਕ ਸਦਭਾਵਨਾ ਪੈਦਾ ਕਰਨ ਵਾਲੀ ਘਟਨਾ ਕਿਹਾ| ਉਹਨਾਂ ਕਿਹਾ ਕਿ ਸਾਨੂੰ ਨੌਵੇਂ ਗੁਰੂ ਜੀ ਦੇ ਜੀਵਨ ਤੋਂ ਬਹੁਤ ਕੁਛ ਸਿੱਖਣ ਦੀ ਲੋੜ ਹੈ| ਉਹਨਾਂ ਕਿਹਾ ਕਿ ਇਸ ਨਾਟਕ ਦਾ ਪੀ.ਏ.ਯੂ. ਵਿਚ ਖੇਡਿਆ ਜਾਣਾ ਯੂਨੀਵਰਸਿਟੀ ਦੇ ਵਿਦਿਆਰਥੀਆਂ ਨੂੰ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਨਾਲ ਜੋੜਨ ਦਾ ਸਬੱਬ ਬਣੇਗਾ|





ਨਿਰਦੇਸ਼ਕ ਵਿਦਿਆਰਥੀ ਭਲਾਈ ਡਾ. ਕਮਲਜੀਤ ਸਿੰਘ ਸੂਰੀ ਨੇ ਇਸ ਮੌਕੇ ਮੁੱਖ ਮਹਿਮਾਨ ਅਤੇ ਹੋਰ ਹਾਜ਼ਰ ਪਤਵੰਤਿਆਂ ਦਾ ਸਵਾਗਤ ਕੀਤਾ| ਉਹਨਾਂ ਕਿਹਾ ਕਿ ਵਿਰਸੇ ਨਾਲ ਜੋੜਨ ਵਾਲੇ ਆਯੋਜਨ ਨਿਰੰਤਰ ਤੌਰ ਤੇ ਪੀ.ਏ.ਯੂ. ਵਿਚ ਕਰਵਾਏ ਜਾਣਗੇ|

ਨਾਟਕ ਦੇ ਲੇਖਕ ਡਾ. ਨਿਰਮਲ ਜੌੜਾ ਨੇ ਨਾਟਕ ਦੀ ਰਚਨਾਕਾਰੀ ਦੇ ਤਜਰਬੇ ਸਾਂਝੇ ਕੀਤੇ| ਇਹ ਨਾਟਕ ਸ਼੍ਰੀ ਰਜਿੰਦਰ ਰਾਜਾ ਅਤੇ ਨਿਰਮਲ ਧਾਲੀਵਾਲ ਵੱਲੋਂ ਖੇਡਿਆ ਗਿਆ| ਡਾ. ਵਿਸ਼ਾਲ ਬੈਕਟਰ ਨੇ ਇਸ ਦੌਰਾਨ ਮੰਚ ਦੀ ਕਾਰਵਾਈ ਚਲਾਈ| ਪੀ.ਏ.ਯੂ. ਦੇ ਉੱਚ ਅਧਿਕਾਰੀਆਂ ਡਾ. ਵਿਸ਼ਵਜੀਤ ਸਿੰਘ ਹਾਂਸ ਅਤੇ ਡਾ. ਮੱਖਣ ਸਿੰਘ ਭੁੱਲਰ ਸਮੇਤ ਯੂਨੀਵਰਸਿਟੀ ਅਧਿਆਪਕ, ਵਿਦਿਆਰਥੀ, ਪਤਵੰਤੇ ਅਤੇ ਬਹੁਤ ਸਾਰੇ ਸਾਹਿਤਕਾਰ ਇਸ ਮੌਕੇ ਦਰਸ਼ਕ ਮੰਡਲ ਵਿਚ ਹਾਜ਼ਰ ਰਹੇ| ਅੰਤ ਵਿਚ ਡਾ. ਬੂਟਾ ਸਿੰਘ ਢਿੱਲੋਂ ਨੇ ਸਭ ਲਈ ਧੰਨਵਾਦ ਦੇ ਸ਼ਬਦ ਬੋਲੇ|

# ਛੀਨਨ ਪਰਿਵਾਰ ਨੇ ਪੀ.ਏ.ਯੂ. ਵਿਚ ਖੇਡਾਂ ਅਤੇ ਅਕਾਦਮਿਕ ਤਰੱਕੀ ਲਈ ਆਰਥਿਕ ਸਹਿਯੋਗ ਦਿੱਤਾ

ਵਰਲਡ ਪੰਜਾਬੀ ਟਾਈਮਜ਼

ਲੁਧਿਆਣਾ 9 ਸਤੰਬਰ : ਪੀ.ਏ.ਯੂ. ਦੇ ਸਾਬਕਾ ਵਿਦਿਆਰਥੀ ਜੋੜੇ ਡਾ. ਮਨਜੀਤ ਸਿੰਘ ਛੀਨਨ ਅਤੇ ਉਹਨਾਂ ਦੀ ਸੁਪਤਨੀ ਡਾ. ਲਤਾ ਮਹਾਜਨ ਛੀਨਨ ਨੇ ਪੀ.ਏ.ਯੂ. ਦੇ ਐਂਡੋਮੈਂਟ ਫੰਡ ਲਈ 34 ਲੱਖ ਰੁਪਏ ਦਾ ਸਹਿਯੋਗ ਦਿੱਤਾ| ਛੀਨਨ ਪਰਿਵਾਰ ਵੱਲੋਂ ਪਹਿਲਾਂ ਹੀ ਪੀ.ਏ.ਯੂ. ਵਿਚ ਖੇਡਾਂ ਅਤੇ ਅਕਾਦਮਿਕ ਤਰੱਕੀ ਲਈ ਲਗਾਤਾਰ ਸਹਿਯੋਗ ਦਿੱਤਾ ਜਾਂਦਾ ਰਿਹਾ ਹੈ| ਛੀਨਨ ਜੋੜੇ ਨੇ 2015 ਵਿੱਚ ਯੂਨੀਵਰਸਿਟੀ ਦੇ ਦੌਰੇ ਦੌਰਾਨ 10 ਸਾਲਾਂ ਦੇ ਵਕਫ਼ੇ ਵਿਚ ਖੇਡਾਂ ਅਤੇ ਪੜ੍ਹਾਈ ਦੇ ਵਿਕਾਸ ਲਈ 10 ਹਜ਼ਾਰ ਡਾਲਰ ਦਾ ਸਹਿਯੋਗ ਯੂਨੀਵਰਸਿਟੀ ਨੂੰ ਦਿੱਤਾ ਸੀ| ਪਿਛਲੇ ਸਾਲ ਨਵੰਬਰ ਵਿਚ ਪੀ.ਏ.ਯੂ. ਦਾ ਦੌਰਾ ਕਰਕੇ ਪ੍ਰੋ. ਮਨਜੀਤ ਸਿੰਘ ਛੀਨਨ ਨੇ ਇਸ ਸੰਬੰਧੀ ਯੂਨੀਵਰਸਿਟੀ ਨਾਲ ਵਿਚਾਰ-ਚਰਚਾ ਕੀਤੀ| ਡਾ. ਛੀਨਨ ਵੱਲੋਂ ਐਂਡੋਮੈਂਟ ਫੰਡ ਵਿਚ ਵਾਧੇ ਦੀ ਇੱਛਾ ਪ੍ਰਗਟਾਈ ਗਈ ਸੀ ਅਤੇ ਇਸੇ ਦਿਸ਼ਾ ਵਿਚ ਉਹਨਾਂ ਨੇ 34 ਲੱਖ ਰੁਪਏ ਹੋਰ ਯੂਨੀਵਰਸਿਟੀ ਨੂੰ ਦਾਨ ਦਿੱਤੇ ਹਨ|

ਡਾ. ਛੀਨਨ ਨੇ ਖੇਤੀ ਇੰਜਨੀਅਰਿੰਗ ਅਤੇ ਤਕਨਾਲੋਜੀ ਕਾਲਜ ਤੋਂ ਇਲਾਵਾ ਬੇਸਿਕ ਸਾਇੰਸਜ਼ ਅਤੇ ਹਿਊਮੈਨਟੀਜ਼ ਕਾਲਜ ਵਿਚ ਪੇਸ਼ੇਵਰ ਚੇਅਰਾਂ ਸਥਾਪਿਤ ਕਰਨ ਦੀ ਇੱਛਾ ਪ੍ਰਗਟ ਕੀਤੀ ਸੀ| ਐਂਡੋਮੈਂਟ ਫੰਡ ਤਹਿਤ ਹਰ ਸਾਲ ਯੂਨੀਵਰਸਿਟੀ ਵਿਚ ਪ੍ਰਸਿੱਧ ਬੁਲਾਰੇ ਨੂੰ ਬੁਲਾ ਕੇ ਅਧਿਆਪਕਾਂ ਅਤੇ ਵਿਦਿਆਰਥੀਆਂ ਲਈ ਵਿਸ਼ੇਸ਼ ਭਾਸ਼ਣ ਕਰਵਾਇਆ ਜਾਵੇਗਾ| ਨਾਲ ਹੀ ਰਾਸ਼ਟਰੀ ਅੰਤਰਰਾਸ਼ਟਰੀ ਸਮਾਰੋਹਾਂ ਵਿਚ ਸ਼ਾਮਿਲ ਹੋਣ ਲਈ ਵਿਦਿਆਰਥੀਆਂ ਅਤੇ ਮਾਹਿਰਾਂ ਨੂੰ ਯਾਤਰਾ ਇਮਦਾਦ ਵੀ ਪ੍ਰਦਾਨ ਕੀਤੀ ਜਾਵੇਗੀ| ਜ਼ਿਕਰਯੋਗ ਹੈ ਕਿ ਡਾ. ਛੀਨਨ 1969 ਵਿਚ ਖੇਤੀ ਇੰਜਨੀਅਰਿੰਗ ਵਿਚ ਸੋਨ ਤਮਗਾ ਜੇਤੂ ਵਿਦਿਆਰਥੀ ਹਨ| ਜਿਨ੍ਹਾਂ ਨੇ ਅਮਰੀਕਾ ਦੀ ਜੋਰਜੀਆ ਯੂਨੀਵਰਸਿਟੀ ਵਿਚ ਪ੍ਰੋਫੈਸਰ ਐਮੀਰਿਟਸ ਦੀਆਂ ਸੇਵਾਵਾਂ ਸੰਭਾਲੀਆਂ ਹੋਈਆਂ ਹਨ| ਉਹ ਪੀ.ਏ.ਯੂ. ਦੇ ਵਿਜ਼ਟਿੰਗ ਪ੍ਰੋਫੈਸਰ ਵੀ ਹਨ| 1969 ਵਿਚ ਬੈਚਲਰ ਡਿਗਰੀ ਕਰਨ ਤੋਂ ਬਾਅਦ ਉਹ ਨੌਰਥ ਕੈਰੋਲੀਨਾ ਯੂਨੀਵਰਸਿਟੀ ਵਿੱਚ ਅਗਲੇਰੀ ਪੜ੍ਹਾਈ ਲਈ ਗਏ| ਜੋਰਜੀਆ ਯੂਨੀਵਰਸਿਟੀ ਵਿਚ ਭੋਜਨ ਇੰਜਨੀਅਰ ਵਜੋਂ 38 ਸਾਲ ਦੀ ਲੰਮੇਰੀ ਸੇਵਾ ਤੋਂ ਬਾਅਦ ਉਹ ਸੇਵਾ ਮੁਕਤ ਹੋਏ| ਪੂਰੀ ਦੁਨੀਆਂ ਵਿਚ ਉਹਨਾਂ ਨੂੰ ਖੋਜ ਅਤੇ ਪੇਸ਼ੇਵਰ ਮਾਹਿਰ ਵਜੋਂ ਜਾਣਿਆ ਜਾਂਦਾ ਹੈ| ਭੋਜਨ ਵਿਗਿਆਨ ਅਤੇ ਤਕਨਾਲੋਜੀ ਬਾਰੇ ਕੌਮਾਂਤਰੀ ਅਕਾਦਮੀ ਦੇ ਫੈਲੋ ਹੋਣ ਦਾ ਮਾਣ ਵੀ ਡਾ. ਮਨਜੀਤ ਸਿੰਘ ਛੀਨਨ ਨੂੰ ਹਾਸਲ ਹੈ| ਉਹਨਾਂ ਦੀ ਸੁਪਤਨੀ ਡਾ. ਲਤਾ ਮਹਾਜਨ ਛੀਨਨ ਹਾਕੀ ਦੇ ਸੁਪ੍ਰਸਿੱਧ ਖਿਡਾਰੀ ਰਹੇ ਜੋ ਵਿਸ਼ਵ ਕੱਪ ਵਿਚ ਭਾਗ ਲੈਣ ਵਾਲੀ ਔਰਤਾਂ ਦੀ ਪਹਿਲੀ ਟੀਮ ਦੇ ਪ੍ਰਤੀਨਿਧ ਸਨ|

# ਕ੍ਰਿਸ਼ੀ ਵਿਗਿਆਨ ਕੇਂਦਰ ਨਾਗ ਕਲਾਂ ਦੇ ਮੇਲੇ ਨਾਲ ਪੀ ਏ ਯੂ ਦੇ ਸਤੰਬਰ ਦੇ ਮੇਲਿਆਂ ਦਾ ਆਗਾਜ਼ ਹੋਇਆ

## ਮਾਹਿਰਾਂ ਨੇ ਵਿਗਿਆਨਕ ਢੰਗਾਂ ਨਾਲ ਖੇਤੀ ਆਮਦਨ ਵਧਾਉਣ ਦਾ ਸੁਨੇਹਾ ਦਿੱਤਾ

ਵਰਲਡ ਪੰਜਾਬੀ ਟਾਈਮਜ਼




ਲੁਧਿਆਣਾ 9 ਸਤੰਬਰ : ਪੀ.ਏ.ਯੂ.ਵਲੋਂ ਹਾੜ੍ਹੀ ਦੀਆਂ ਫ਼ਸਲਾਂ ਲਈ ਸਤੰਬਰ ਵਿਚ ਲਾਏ ਜਾਂਦੇ ਕਿਸਾਨ ਮੇਲਿਆਂ ਦੇ ਸਿਲਸਿਲੇ ਵਿਚ ਅੱਜ ਕ੍ਰਿਸ਼ੀ ਵਿਗਿਆਨ ਕੇਂਦਰ ਨਾਗ ਕਲਾਂ, ਅੰਮ੍ਰਿਤਸਰ ਵਿਖੇ ਕਿਸਾਨ ਮੇਲਾ ਲਗਾਇਆ ਗਿਆ। ਇਸ ਮੇਲੇ ਦੇ ਮੁੱਖ ਮਹਿਮਾਨ ਹਲਕਾ ਅਜਨਾਲਾ ਦੇ ਮੌਜੂਦਾ ਵਿਧਾਇਕ ਸ ਕੁਲਦੀਪ ਸਿੰਘ ਧਾਲੀਵਾਲ ਸਨ। ਮੇਲੇ ਦੀ ਪ੍ਰਧਾਨਗੀ ਪੀ.ਏ.ਯੂ ਦੇ ਵਾਈਸ ਚਾਂਸਲਰ ਡਾ. ਰਿਸ਼ੀਪਾਲ ਸਿੰਘ , ਆਈ ਏ ਐੱਸ ਨੇ ਕੀਤੀ। ਇਸ ਤੋਂ ਇਲਾਵਾ ਨਿਰਦੇਸ਼ਕ ਖੋਜ ਡਾ ਅਜਮੇਰ ਸਿੰਘ ਢੱਟ, ਨਿਰਦੇਸ਼ਕ ਪਸਾਰ ਸਿੱਖਿਆ ਡਾ ਮੱਖਣ ਸਿੰਘ ਭੁੱਲਰ, ਨਿਰਦੇਸ਼ਕ ਵਿਦਿਆਰਥੀ ਭਲਾਈ ਡਾ ਕਮਲਜੀਤ ਸਿੰਘ ਸੂਰੀ, ਵਧੀਕ ਨਿਰਦੇਸ਼ਕ ਪਸਾਰ ਸਿੱਖਿਆ ਡਾ ਪ੍ਰਭਜੋਧ ਸਿੰਘ ਸੰਧੂ ਅਤੇ ਯੂਨੀਵਰਸਿਟੀ ਉੱਚ ਅਧਿਕਾਰੀ ਵੀ ਮੰਚ ਤੇ ਮੌਜੂਦ ਸਨ।

ਸ ਕੁਲਦੀਪ ਸਿੰਘ ਧਾਲੀਵਾਲ ਨੇ ਆਪਣੇ ਭਾਸ਼ਣ ਨਾਲ ਕਿਸਾਨਾਂ ਦੇ ਰੂਬਰੂ ਹੁੰਦਿਆਂ ਕਿਹਾ ਕਿ ਪੀ ਏ ਯੂ ਨੂੰ ਦੇਸ਼ ਦੀ ਸਰਵੋਤਮ ਖੇਤੀ ਯੂਨੀਵਰਸਿਟੀ ਬਣਾਉਣ ਵਿੱਚ ਖੇਤੀ ਮਾਹਿਰਾਂ ਅਤੇ ਕਿਸਾਨਾਂ ਦਾ ਸਾਂਝਾ ਸਹਿਯੋਗ ਹਾਸਿਲ ਹੋਇਆ। ਇਸੇ ਸਦਕਾ ਪੰਜਾਬ ਦੀ ਖੇਤੀ ਵਿਗਿਆਨਕ ਪੱਖੋਂ ਵਿਕਸਿਤ ਹੋਈ ਤੇ ਦੇਸ਼ ਅਨਾਜ ਪੱਖੋਂ ਸਵੈ ਨਿਰਭਰ ਹੋ ਸਕਿਆ। ਉਨ੍ਹਾਂ ਕਿਹਾ ਕਿ ਅੱਜ ਦਾ ਯੁੱਗ ਖੇਤੀ ਭਿੰਨਤਾ ਵਾਲਾ ਹੈ ਇਸ ਲਈ ਸਹਾਇਕ ਕਿੱਤਿਆਂ ਅਤੇ ਬਾਗਬਾਨੀ ਆਦਿ ਨੂੰ ਅਪਨਾਉਣ ਦਾ ਸਮਾਂ ਹੈ। ਸ ਧਾਲੀਵਾਲ ਨੇ ਕਿਹਾ ਕਿ ਪਰਿਵਾਰ ਦੇ ਪੋਸ਼ਣ ਦੇ ਨਾਲ ਨਾਲ ਲਗਾਤਾਰ ਆਮਦਨ ਪਰਿਵਾਰ ਦੀ ਆਰਥਿਕ ਹਾਲਤ ਨੂੰ ਸਥਿਰ ਰੱਖਣ ਲਈ ਸਹਾਈ ਹੋ ਸਕਦੀ ਹੈ। ਨਾਲ ਹੀ ਮੰਡੀਕਰਨ ਲਈ ਆਪੇ ਕੋਸ਼ਿਸ਼ਾਂ ਕਰਨ ਵਾਲੀਆਂ ਸੰਸਥਾਵਾਂ ਅਤੇ ਸੰਗਠਨਾਂ ਕੋਲੋਂ ਬੜਾ ਕੁਝ ਸਿੱਖਣ ਦੀ ਲੋੜ ਹੈ। ਸ ਧਾਲੀਵਾਲ ਨੇ ਕਿਸਾਨਾਂ ਨੂੰ ਖੇਤੀ ਗਿਆਨ ਲਈ ਪੀ ਏ ਯੂ ਦੇ ਸਾਹਿਤ ਨਾਲ ਜੁੜਨ ਦਾ ਸੱਦਾ ਵੀ ਦਿੱਤਾ ਅਤੇ ਖੇਤਰੀ ਕੇਂਦਰਾਂ ਦੇ ਵਿਗਿਆਨੀਆਂ ਨਾਲ ਸੰਪਰਕ ਬਣਾਈ ਰੱਖਣ ਦੀ ਸਲਾਹ ਦਿੱਤੀ। ਉਨ੍ਹਾਂ ਨੇ ਕਿਹਾ ਕਿ ਦੁੱਧ ਉਤਪਾਦਨ ਅਤੇ ਸਬਜ਼ੀਆਂ, ਫਲਾਂ ਦੀ ਪੈਦਾਵਾਰ ਵੱਲ ਧਿਆਨ ਦੇਣ ਦੀ ਲੋੜ ਹੈ ਤਾਂ ਜੋ ਸਮਾਜ ਨੂੰ ਪੋਸ਼ਣ ਪੱਖੋਂ ਸਿਹਤਮੰਦ ਬਣਾਇਆ ਜਾ ਸਕੇ।



ਵਾਈਸ ਚਾਂਸਲਰ ਡਾ.ਰਿਸ਼ੀਪਾਲ ਸਿੰਘ, ਆਈ ਏ ਐੱਸ ਨੇ ਇਸ ਮੌਕੇ ਪ੍ਰਧਾਨਗੀ ਭਾਸ਼ਣ ਵਿਚ ਕਿਹਾ ਕਿ ਇਹ ਮੇਲੇ ਕਿਸਾਨਾਂ ਤੋਂ ਮਾਹਿਰਾਂ ਦੇ ਸਿੱਖਣ ਅਤੇ ਉਨ੍ਹਾਂ ਨੂੰ ਸਿਖਾਉਣ ਦਾ ਮੌਕਾ ਵੀ ਹਨ। ਉਨ੍ਹਾਂ ਕਿਹਾ ਕਿ ਯੂਨੀਵਰਸਿਟੀ ਨੇ ਇਨ੍ਹਾਂ ਮੇਲਿਆਂ ਦੀ ਸ਼ੁਰੂਆਤ ਕਰਕੇ ਦੇਸ਼ ਦੁਨੀਆਂ ਨੂੰ ਖੇਤੀ ਮਾਹਿਰਾਂ ਅਤੇ ਕਿਸਾਨਾਂ ਦੀ ਸਾਂਝ ਦਾ ਨਵਾਂ ਮਾਡਲ ਦਿੱਤਾ ਸੀ, ਜਿਸਦੀ ਪੈਰਵੀ ਅਨੇਕ ਸੰਸਥਾਵਾਂ ਨੇ ਬਾਅਦ ਵਿਚ ਕੀਤੀ । ਇਨ੍ਹਾਂ ਮੇਲਿਆਂ ਵਿੱਚੋਂ ਅਣਗਿਣਤ ਕਿਸਾਨਾਂ ਨੇ ਖੇਤੀ ਵਿਗਿਆਨ ਦੀ ਚਿਣਗ ਲਈ ਅਤੇ ਅਗਾਂਹਵਧੂ ਖੇਤੀ ਕਰਕੇ ਪੰਜਾਬ ਨੂੰ ਇਸ ਖੇਤਰ ਦਾ ਸਿਰਕੱਢ ਸੂਬਾ ਬਣਾ ਦਿੱਤਾ।

ਉਨ੍ਹਾਂ ਕਿਹਾ ਕਿ ਇਨ੍ਹਾਂ ਮੇਲਿਆਂ ਦਾ ਉਦੇਸ਼ 'ਵਿਗਿਆਨਕ ਢੰਗ ਅਪਨਾਓ, ਖੇਤੀ ਆਮਦਨ ਵਧਾਓ' ਰੱਖਿਆ ਗਿਆ ਹੈ। ਉਨ੍ਹਾਂ ਨੇ ਕ੍ਰਿਸ਼ੀ ਵਿਗਿਆਨ ਕੇਂਦਰ ਨਾਗ ਕਲਾਂ ਵੱਲੋਂ ਕੀਤੇ ਜਾ ਰਹੇ ਕਾਰਜਾਂ ਉੱਪਰ ਤਸੱਲੀ ਪ੍ਰਗਟਾਈ ਤੇ ਇਸ ਕੇਂਦਰ ਵਲੋਂ ਨੌਜਵਾਨਾਂ ਨੂੰ ਦਿੱਤੀ ਜਾ ਰਹੀ ਕਿੱਤਾ ਮੁਖੀ ਸਿਖਲਾਈ ਦਾ ਵਿਸ਼ੇਸ਼ ਜ਼ਿਕਰ ਕੀਤਾ। ਡਾ ਰਿਸ਼ੀਪਾਲ ਸਿੰਘ ਨੇ ਕੁਦਰਤੀ ਸਰੋਤਾਂ ਦੀ ਸੰਭਾਲ ਲਈ ਕਿਸਾਨਾਂ ਨੂੰ ਸੱਦਾ ਦਿੱਤਾ ਤੇ ਕਿਹਾ ਕਿ ਆਉਣ ਵਾਲੀਆਂ ਪੀੜ੍ਹੀਆਂ ਲਈ ਇਕ ਬਿਹਤਰ ਧਰਤੀ ਦਾ ਨਿਰਮਾਣ ਖੇਤੀ ਨਾਲ ਜੁੜੀਆਂ ਸਾਰੀਆਂ ਧਿਰਾਂ ਦੀ ਪ੍ਰਮੁੱਖਤਾ ਹੋਣੀ ਚਾਹੀਦੀ ਹੈ। ਇਸ ਦਿਸ਼ਾ ਵਿਚ ਉਨ੍ਹਾਂ ਨੇ ਰਸਾਇਣਿਕ ਖਾਦਾਂ ਆਦਿ ਦੀ ਵਰਤੋਂ ਲੋੜ ਤੇ ਪਰਖ ਮੁਤਾਬਕ ਕਰਨ ਦਾ ਪ੍ਰਣ ਕਰਨ ਲਈ ਕਿਸਾਨਾਂ ਨੂੰ ਕਿਹਾ। ਵਾਈਸ ਚਾਂਸਲਰ ਨੇ ਕਿਹਾ ਕਿ ਪੀ ਏ ਯੂ ਵਲੋਂ ਵਿਕਸਿਤ ਮਸ਼ੀਨਰੀ ਖੇਤੀ ਨੂੰ ਸੁਖਾਵੀਂ ਅਤੇ ਸਥਿਰ ਬਣਾਉਣ ਲਈ ਕਾਰਗਰ ਸਾਧਨ ਹੈ। ਮਿੱਟੀ ਦੀ ਸਿਹਤ ਸੁਧਾਰਨ ਲਈ ਪਰਾਲੀ ਨੂੰ ਖੇਤ ਵਿਚ ਵਾਹੁਣ ਦਾ ਅਹਿਦ ਵੀ ਅਜੋਕੇ ਕਿਸਾਨਾਂ ਨੂੰ ਕਰਨਾ ਚਾਹੀਦਾ ਹੈ। ਡਾ ਰਿਸ਼ੀਪਾਲ ਸਿੰਘ ਨੇ ਕਿਹਾ ਕਿ ਯੂਨੀਵਰਸਿਟੀ ਦਾ ਉਦੇਸ਼ ਖੇਤੀ ਨੂੰ ਵਿਗਿਆਨਕ ਲੀਹਾਂ ਤੇ ਤੋਰਨਾ ਅਤੇ ਖੇਤੀ ਦੇ ਸਹਾਇਕ ਕਿੱਤਿਆਂ ਤੋਂ ਆਮਦਨ ਵਿਚ ਵਾਧਾ ਕਰਨਾ ਹੈ। ਇਸ ਕਾਰਜ ਲਈ ਸੰਯੁਕਤ ਖੇਤੀ ਪ੍ਰਣਾਲੀ ਪੀ ਏ ਯੂ ਵਲੋਂ ਵਿਕਸਿਤ ਕੀਤਾ ਅਤੇ ਪਰਖਿਆ ਹੋਇਆ ਸੁਚੱਜਾ ਮਾਧਿਅਮ ਹੈ। ਇਸਦੀ ਵਰਤੋਂ ਲਈ ਕਿਸਾਨਾਂ ਨੂੰ ਮਾਹਿਰਾਂ ਨਾਲ ਸੰਪਰਕ ਬਣਾਉਣੇ ਚਾਹੀਦੇ ਹਨ। ਉਨ੍ਹਾਂ ਕਿਸਾਨਾਂ ਨੂੰ ਸਲਾਹ ਦਿੱਤੀ ਕਿ ਇਸ ਮੇਲੇ ਵਿੱਚੋਂ ਕਣਕ ਅਤੇ ਹੋਰ ਫ਼ਸਲਾਂ ਦੇ ਸੁਧਰੇ ਬੀਜ, ਖੇਤੀ ਸਾਹਿਤ, ਫਲਾਂ ਤੇ ਸਬਜ਼ੀਆਂ ਦੀ ਪਨੀਰੀ ਆਦਿ ਖਰੀਦ ਕੇ ਲਿਜਾਣ। ਵਾਈਸ ਚਾਂਸਲਰ ਨੇ ਕਿਸਾਨਾਂ ਨੂੰ ਆਉਂਦੇ ਦਿਨੀਂ ਅਨੁਕੂਲ ਮੌਸਮ ਅਤੇ ਫਸਲਾਂ ਦੇ ਵਧੇਰੇ ਝਾੜ ਲਈ ਸ਼ੁਭਕਾਮਨਾਵਾਂ ਦਿੱਤੀਆਂ।

ਪੀ.ਏ.ਯੂ. ਦੇ ਨਿਰਦੇਸ਼ਕ ਖੋਜ ਡਾ. ਅਜਮੇਰ ਸਿੰਘ ਢੱਟ ਨੇ ਹਾੜ੍ਹੀ ਦੀਆਂ ਫ਼ਸਲਾਂ ਬਾਰੇ ਯੂਨੀਵਰਸਿਟੀ ਦੀਆਂ ਸਿਫਾਰਿਸ਼ਾਂ ਸਾਂਝੀਆਂ ਕੀਤੀਆਂ। ਉਨ੍ਹਾਂ ਕਿਹਾ ਵੱਧ ਉਤਪਾਦਨ ਦੇ ਨਾਲ ਗੁਣਵੱਤਾ ਦਾ ਦੌਰ ਸਾਮ੍ਹਣੇ ਆਇਆ ਹੈ। ਡਾ ਢੱਟ ਨੇ ਪੰਜਾਬ ਦੇ ਕਿਸਾਨਾਂ ਅਤੇ ਯੂਨੀਵਰਸਿਟੀ ਮਾਹਿਰਾਂ ਦੇ ਸਹਿਯੋਗ ਨਾਲ ਦੇਸ਼ ਦੇ ਖੇਤੀ ਵਿਕਾਸ ਦਾ ਜ਼ਿਕਰ ਕੀਤਾ। ਉਨ੍ਹਾਂ ਕਿਹਾ ਕਿ ਪੀ ਏ ਯੂ ਨੇ ਹੁਣ ਤਕ 994 ਕਿਸਮਾਂ ਵਿਕਸਿਤ ਕਰਕੇ ਕਾਸ਼ਤ ਲਈ ਦਿੱਤੀਆਂ ਹਨ। ਇਨ੍ਹਾਂ ਵਿਚੋਂ 250 ਤੋਂ ਵਧੇਰੇ ਕਿਸਮਾਂ ਰਾਸ਼ਟਰੀ ਪੱਧਰ ਤੇ ਪ੍ਰਵਾਨੀਆਂ ਗਈਆਂ। ਡਾ ਢੱਟ ਨੇ ਪੀ.ਏ.ਯੂ. ਵੱਲੋਂ ਪਿਛਲੇ ਛੇ ਮਹੀਨਿਆਂ ਵਿਚ ਸਿਫ਼ਾਰਸ਼ ਲਈ ਵਿਕਸਿਤ ਕੀਤੀਆਂ ਨਵੀਆਂ ਕਿਸਮਾਂ, ਉਤਪਾਦਨ ਤਕਨੀਕਾਂ, ਪੌਦ ਸੁਰੱਖਿਆ ਤਕਨੀਕਾਂ ਅਤੇ ਹੋਰ ਸਿਫ਼ਾਰਸ਼ਾਂ ਸਾਂਝੀਆਂ ਕੀਤੀਆਂ। ਨਵੀਆਂ ਕਿਸਮਾਂ ਵਿਚ ਉਹਨਾਂ ਨੇ ਆਉਂਦੇ ਹਾੜ੍ਹੀ ਸੀਜ਼ਨ ਦੌਰਾਨ ਪੀ.ਏ.ਯੂ. ਦੀਆਂ ਖੋਜ ਸਿਫ਼ਾਰਸ਼ਾਂ ਸਾਂਝੀਆਂ ਕੀਤੀਆਂ । ਉਹਨਾਂ ਨੇ ਨਵੀਆਂ ਸਿਫ਼ਾਰਸ਼ ਕੀਤੀਆਂ ਕਿਸਮਾਂ ਵਿੱਚ ਕਣਕ ਦੀ ਕਿਸਮ ਪੀ ਬੀ ਡਬਲਯੂ 887 ਅਤੇ ਪੀ ਬੀ ਡਬਲਯੂ 927 ਦਾ ਜ਼ਿਕਰ ਕੀਤਾ । ਮਸਰਾਂ ਦੀ ਕਿਸਮ ਐੱਲ ਐੱਲ 1613, ਸਰ੍ਹੋਂ ਦੀ ਕਿਸਮ ਪੰਜਾਬ ਰਾਇਆ ਕਨੋਲਾ-7 ਅਤੇ ਪੰਜਾਬ ਰਾਇਆ 813, ਹਾੜ੍ਹ ਬਰਸੀਮ ਦੀ ਕਿਸਮ ਬੀ ਐੱਲ 45, ਮਟਰਾਂ ਦੀ ਕਿਸਮ ਅਗੇਤਾ 8 , ਆਲੂ ਦੀਆਂ ਕਿਸਮਾਂ, ਪਿਆਜ਼ ਦੀ ਨਵੀਂ ਕਿਸਮ , ਲਸਣ ਦੀ ਕਿਸਮ, ਖਰਬੂਜ਼ੇ ਦੀ ਕਿਸਮ ਪੰਜਾਬ ਅੰਮ੍ਰਿਤ ਆਦਿ ਦੇ ਗੁਣਾਂ ਅਤੇ ਵਿਸ਼ੇਸ਼ਤਾਵਾਂ ਬਾਰੇ ਦੱਸਦਿਆਂ ਡਾ. ਢੱਟ ਨੇ ਇਹ ਕਿਸਮਾਂ ਕਿਸਾਨਾਂ ਸਾਮ੍ਹਣੇ ਰੱਖੀਆਂ।

ਇਸ ਦੇ ਨਾਲ ਹੀ ਉਹਨਾਂ ਨੇ ਉਤਪਾਦਨ ਤਕਨੀਕਾਂ ਵਿਚ ਫੋਨ ਨਾਲ ਸਿੰਚਾਈ ਸੈਂਸਰ ਜੋੜਨ ਦੀ ਤਕਨੀਕ ਸਾਂਝੀ ਕੀਤੀ। ਮੂੰਗੀ ਵਿਚ ਨੀਲੇ ਚਿਪਕਵੇਂ ਕਾਰਡਾਂ ਦੀ ਵਰਤੋਂ ਅਤੇ ਪੌਦ ਸੁਰੱਖਿਆ ਤਕਨੀਕਾਂ ਵਿੱਚ ਗੁੱਲੀ ਡੰਡੇ ਦੀ ਰੋਕਥਾਮ, ਸੂਖਮ ਸਿੰਚਾਈ, ਗੋਭੀ ਸਰ੍ਹੋਂ ਅਤੇ ਤੋਰੀਆ ਦੀ ਅੰਤਰ ਫਸਲੀ ਕਾਸ਼ਤ ਦੇ ਨਾਲ-ਨਾਲ ਪਸ਼ੂਆਂ ਲਈ ਫ਼ਸਲੀ ਅਚਾਰ ਬਨਾਉਣ ਲਈ ਲੈਕਟਿਕ ਐਸਿਡ ਬੈਕਟੀਰੀਆ ਜਾਗ ਦਾ ਜ਼ਿਕਰ ਵੀ ਕੀਤਾ।

ਉਨ੍ਹਾਂ ਨੇ ਪਾਣੀ ਦੀ ਬੱਚਤ ਲਈ ਕਿਸਾਨਾਂ ਨੂੰ ਪ੍ਰੇਰਿਤ ਕੀਤਾ ਅਤੇ ਇਸ ਸੰਬੰਧੀ ਯੂਨੀਵਰਸਿਟੀ ਦੀਆਂ ਸਿਫਾਰਿਸ਼ਾਂ ਬਾਰੇ ਦੱਸਿਆ। ਡਾ ਢੱਟ ਨੇ ਪਰਾਲੀ ਦੀ ਸੰਭਾਲ ਹਰ ਹੀਲੇ ਖੇਤ ਵਿਚ ਹੀ ਕਰਨ ਲਈ ਕਿਹਾ।

ਸਵਾਗਤੀ ਸ਼ਬਦ ਨਿਰਦੇਸ਼ਕ ਪਸਾਰ ਸਿੱਖਿਆ ਡਾ. ਮੱਖਣ ਸਿੰਘ ਭੁੱਲਰ ਨੇ ਕਹੇ। ਉਨ੍ਹਾਂ ਕਿਹਾ ਕਿ ਕਿਸਾਨ ਮੇਲਿਆਂ ਦੀ ਲੜੀ ਵਿਚ ਕਿਸਾਨ ਮੇਲੇ ਹਾੜ੍ਹੀ ਦੀਆਂ ਫ਼ਸਲਾਂ ਦੀ ਬਿਜਾਈ ਤੋਂ ਪਹਿਲਾਂ ਲਾਏ ਜਾਂਦੇ ਹਨ। ਇਹ ਇਸ ਲੜੀ ਦਾ ਪਹਿਲਾ ਮੇਲਾ ਹੈ। ਇਨ੍ਹਾਂ ਮੇਲਿਆਂ ਦਾ ਉਦੇਸ਼ ਖੇਤੀ ਖੋਜਾਂ ਨੂੰ ਕਿਸਾਨਾਂ ਤਕ ਪੁਚਾਉਣ ਦੇ ਨਾਲ ਨਾਲ ਖੇਤੀ ਲਾਗਤਾਂ ਨੂੰ ਘੱਟ ਕਰਨ ਲਈ ਕਿਸਾਨਾਂ ਨੂੰ ਜਾਗਰੂਕ ਕਰਨਾ ਹੈ ਤਾਂ ਜੋ ਖੇਤੀ ਨੂੰ ਵੱਧ ਮੁਨਾਫ਼ੇਯੋਗ ਬਣਾਇਆ ਜਾ ਸਕੇ। ਪੀ ਏ ਯੂ ਦੇ ਖੇਤਰੀ ਖੋਜ ਕੇਂਦਰਾਂ ਵਿਚ ਚਲ ਰਹੇ ਸਿਖਲਾਈ ਪ੍ਰੋਗਰਾਮਾਂ ਬਾਰੇ ਵੀ ਜਾਣਕਾਰੀ ਡਾ. ਭੁੱਲਰ ਨੇ ਦਿੱਤੀ।

ਇਸ ਮੇਲੇ ਦੌਰਾਨ ਖੇਤੀਬਾੜੀ ਅਤੇ ਸੰਬੰਧਿਤ ਖੇਤਰਾਂ ਵਿੱਚ ਸ਼ਾਨਦਾਰ ਯੋਗਦਾਨ ਦੇਣ ਵਾਲੇ ਕਈ ਅਗਾਂਹਵਧੂ ਕਿਸਾਨਾਂ ਨੂੰ ਸਨਮਾਨਿਤ ਕੀਤਾ ਗਿਆ। ਸਨਮਾਨਿਤ ਹੋਣ ਵਾਲਿਆਂ ਵਿਚ ਪਿੰਡ ਮੱਤੇਵਾਲ ਦੇ ਸ ਗੁਰਪਾਲ ਸਿੰਘ ਨੂੰ ਸ਼ਹਿਦ ਮੱਖੀ ਪਾਲਣ ਲਈ, ਕੋਟਲੀ ਢੋਲੇ ਸ਼ਾਹ ਦੇ ਸ ਮਨਦੀਪ ਸਿੰਘ ਨੂੰ ਮੁਰਗੀ ਪਾਲਣ ਲਈ, ਪਿੰਡ ਮਹਿਣੀਆਂ ਬ੍ਰਾਹਮਣਾਂ ਦੇ ਸ ਕੇਵਲ ਸਿੰਘ ਨੂੰ ਸੂਰ ਪਾਲਣ ਲਈ, ਪਿੰਡ ਜੇਠੂਵਾਲ ਦੇ ਸ ਬਿਕਰਮਜੀਤ ਸਿੰਘ ਨੂੰ ਵਰਮੀ ਕੰਪੋਸਟ ਲਈ, ਕਮਾਸਕਾ ਦੇ ਸ ਪਲਵਿੰਦਰ ਸਿੰਘ ਨੂੰ ਡੇਅਰੀ ਲਈ, ਰਿਸ਼ੀ ਵਿਹਾਰ ਅੰਮ੍ਰਿਤਸਰ ਦੇ ਸ਼੍ਰੀਮਤੀ ਰਿਤੂ ਸਵੈਨ ਨੂੰ ਮੋਟੇ ਅਨਾਜਾਂ ਲਈ ਅਤੇ ਮਾਲਾ ਖੇੜੀ ਅੰਮ੍ਰਿਤਸਰ ਦੇ ਸ਼੍ਰੀਮਤੀ ਪਰਮਜੀਤ ਕੌਰ, ਖੇਤੀ ਪ੍ਰੋਸੈਸਿੰਗ ਚ ਕੀਤੇ ਕਾਰਜਾਂ ਲਈ ਜੁੜੇ ਕਿਸਾਨ ਸ਼ਾਮਿਲ ਸਨ।

ਸਮਾਗਮ ਦਾ ਸੰਚਾਲਨ ਅਪਰ ਨਿਰਦੇਸ਼ਕ ਸੰਚਾਰ ਡਾ. ਤੇਜਿੰਦਰ ਸਿੰਘ ਰਿਆੜ ਨੇ ਕੀਤਾ। ਡਾ ਰਿਆੜ ਨੇ ਯੂਨੀਵਰਸਿਟੀ ਦੇ ਖੇਤੀ ਸਾਹਿਤ ਨਾਲ ਜੁੜਨ ਅਤੇ ਡਿਜੀਟਲ ਮਾਧਿਅਮ ਅਪਣਾ ਕੇ ਖੇਤੀ ਦੇ ਵਿਗਿਆਨਕ ਸਰੂਪ ਦਾ ਧਾਰਨੀ ਬਣਨ ਦੀ ਅਪੀਲ ਕਿਸਾਨਾਂ ਨੂੰ ਕੀਤੀ।

ਅੰਤ ਵਿੱਚ ਧੰਨਵਾਦ ਦੇ ਸ਼ਬਦ ਕ੍ਰਿਸ਼ੀ ਵਿਗਿਆਨ ਕੇਂਦਰ ਨਾਗ ਕਲਾਂ ਦੇ ਸਹਿਯੋਗੀ ਨਿਰਦੇਸ਼ਕ ਡਾ. ਬਿਕਰਮਜੀਤ ਸਿੰਘ ਨੇ ਕਹੇ। ਪੀ ਏ ਯੂ ਦੇ ਵੱਖ ਵੱਖ ਵਿਸ਼ਿਆਂ ਨਾਲ ਸੰਬੰਧਿਤ ਮਾਹਿਰਾਂ ਨੇ ਕਿਸਾਨਾਂ ਨਾਲ ਸਵਾਲ ਜਵਾਬ ਸੈਸ਼ਨ ਦੌਰਾਨ ਬਹੁਤ ਸਾਰੇ ਮਸਲਿਆਂ ਬਾਰੇ ਵਿਚਾਰ ਕੀਤੀ।

ਇਸ ਮੇਲੇ ਦੌਰਾਨ ਵੱਖ ਵੱਖ ਸਵੈ ਸੇਵੀ ਸੰਸਥਾਵਾਂ, ਕਿਸਾਨ ਨਿਰਮਾਤਾ ਸੰਗਠਨਾਂ, ਨਿੱਜੀ ਕੰਪਨੀਆਂ ਤੋਂ ਇਲਾਵਾ ਪੀ ਏ ਯੂ ਦੇ ਵਿਭਾਗਾਂ ਅਤੇ ਖੇਤੀਬਾੜੀ ਵਿਭਾਗ ਨੇ ਆਪਣੀਆਂ ਸਟਾਲਾਂ ਲਗਾਈਆਂ ਸਨ। ਹਾਜ਼ਿਰ ਕਿਸਾਨਾਂ ਨੇ ਹਾੜ੍ਹੀ ਦੀਆਂ ਫ਼ਸਲਾਂ ਦੇ ਬੀਜ, ਫ਼ਲਦਾਰ ਬੂਟੇ ਅਤੇ ਖੇਤੀ ਸਾਹਿਤ ਖਰੀਦਣ ਵਿਚ ਵਿਸ਼ੇਸ਼ ਦਿਲਚਸਪੀ ਦਿਖਾਈ। ਹਾੜ੍ਹੀ ਦੀਆਂ ਫ਼ਸਲਾਂ ਬਾਰੇ ਪੀ ਏ ਯੂ ਦੇ ਖੇਤੀ ਸਾਹਿਤ ਨੂੰ ਵੀ ਪ੍ਰਧਾਨਗੀ ਮੰਡਲ ਵਲੋਂ ਜਾਰੀ ਕੀਤਾ ਗਿਆ।